
TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa
87250 17772

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਵੀਰਵਾਰ, 13 ਫਰਵਰੀ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 240, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa | 87250 17772

## ਟਰੰਪ ਵੱਲੋਂ ਪੂਤਿਨ ਨਾਲ ਗੱਲਬਾਤ



ਮਾਸਕੋ, ਲੋਕ ਬਾਣੀ- ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਤੇ ਅਮਰੀਕੀ ਸਦਰ ਡੋਨਲਡ ਟਰੰਪ ਨੇ ਅੱਜ ਡੇਢ ਘੰਟੇ ਦੇ ਕਰੀਬ ਗੱਲਬਾਤ ਕੀਤੀ ਹੈ। ਇਸ ਦੌਰਾਨ ਦੋਵਾਂ ਆਗੂਆਂ ਨੇ ਇਕ ਦੂਜੇ ਨੂੰ ਮਿਲਣ ਦੀ ਸਹਿਮਤੀ ਦਿੱਤੀ ਹੈ।


ਫਰਵਰੀ 2022 ਮਗਰੋਂ ਪੂਤਿਨ ਦੀ ਅਮਰੀਕੀ ਰਾਸ਼ਟਰਪਤੀ ਨਾਲ ਇਹ ਪਹਿਲੀ ਸਿੱਧੀ ਗੱਲਬਾਤ ਹੈ। ਇਸ ਤੋਂ ਪਹਿਲਾਂ ਪੂਤਿਨ ਨੇ ਫਰਵਰੀ 2002 ਵਿਚ ਰੂਸੀ ਫੌਜਾਂ ਨੂੰ ਯੂਕਰੇਨ ’ਤੇ ਚੜ੍ਹਾਈ ਦੇ ਹੁਕਮ ਦੇਣ ਤੋਂ ਪਹਿਲਾਂ ਤੱਤਕਾਲੀ ਅਮਰੀਕੀ ਸਦਰ ਜੋਅ ਬਾਇਡਨ ਨਾਲ ਗੱਲਬਾਤ ਕੀਤੀ ਸੀ।ਕਰੈਮਲਿਨ ਦੇ ਤਰਜਮਾਨ ਦਮਿੱਤਰੀ ਪੈਸਕੋਵ ਨੇ ਕਿਹਾ ਕਿ ਪੂਤਿਨ ਤੇ ਟਰੰਪ ਨੇ ਮੱਧ ਪੂਰਬ, ਦੁਵੱਲੇ ਰਿਸ਼ਤਿਆਂ,

## ਭਾਰਤ-ਫਰਾਂਸ ਆਧੁਨਿਕ ਪਰਮਾਣੂ ਰਿਐਕਟਰ ਵਿਕਸਤ ਕਰਨ ਦੇ ਇੱਛੁਕ



ਪੈਰਿਸ, ਲੋਕ ਬਾਣੀ- ਭਾਰਤ ਅਤੇ ਫਰਾਂਸ ਨੇ ਬੁੱਧਵਾਰ ਨੂੰ ਆਧੁਨਿਕ ਪਰਮਾਣੂ ਰਿਐਕਟਰਾਂ ਨੂੰ ਸਾਂਝੇ ਤੌਰ ’ਤੇ ਵਿਕਸਤ ਕਰਨ ਦਾ ਇਰਾਦਾ ਜ਼ਾਹਿਰ ਕਰਦਿਆਂ ਇਸ ਗੱਲ ’ਤੇ ਜ਼ੋਰ ਦਿੱਤਾ ਹੈ ਕਿ ਊਰਜਾ ਸੁਰੱਖਿਆ ਅਤੇ ਘੱਟ ਕਾਰਬਨ ਵਾਲੇ ਅਰਥਚਾਰੇ ਵੱਲ ਵਧਣ ਲਈ ਪਰਮਾਣੂ ਊਰਜਾ ਅਹਿਮ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪੈਰਿਸ ’ਚ ਫਰਾਂਸ ਦੇ ਰਾਸ਼ਟਰਪਤੀ ਇਮੈਨੂਅਲ ਮੈਕਰੋਂ ਨਾਲ ਮੀਟਿੰਗ ਮਗਰੋਂ ਜਾਰੀ ਸਾਂਝੇ ਬਿਆਨ ਮੁਤਾਬਕ ਦੋਵੇਂ ਮੁਲਕਾਂ ਨੇ ਛੋਟੇ ਮਾਡਿਊਲਰ ਰਿਐਕਟਰ ਅਤੇ ਐਡਵਾਂਸਡ ਮਾਡਿਊਲਰ ਰਿਐਕਟਰ ਨੂੰ ਲੈ ਕੇ ਇਕ ਪੱਤਰ ’ਤੇ ਦਸਤਖ਼ਤ ਕੀਤੇ ਹਨ। ਮੈਕਰੋਂ ਨਾਲ ਦੁਵੱਲੀ ਗੱਲਬਾਤ ਅਤੇ ਫਰਾਂਸ ਦੇ ਦੌਰੇ ਮਗਰੋਂ ਪ੍ਰਧਾਨ ਮੰਤਰੀ ਮੋਦੀ ਅਮਰੀਕਾ ਲਈ ਰਵਾਨਾ ਹੋ ਗਏ

## ਸੱਜਣ ਕੁਮਾਰ ਇਕ ਹੋਰ ਮਾਮਲੇ ’ਚ ਦੋਸ਼ੀ ਕਰਾਰ



ਦਿੱਲੀ, ਲੋਕ ਬਾਣੀ-ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਨੂੰ 1984 ਦੇ ਸਿੱਖ ਕਤਲੇਆਮ ਦੇ ਇਕ ਹੋਰ ਕੇਸ ’ਚ ਦੋਸ਼ੀ ਕਰਾਰ ਦਿੱਤਾ ਗਿਆ ਹੈ। ਉਸ ਦੀ ਸਜ਼ਾ ’ਤੇ ਬਹਿਸ 18 ਫਰਵਰੀ ਨੂੰ ਹੋਵੇਗੀ। ਸੱਜਣ ਕੁਮਾਰ ’ਤੇ ਹਾਲੇ ਦੋ ਹੋਰ ਕੇਸ ਚੱਲ ਰਹੇ ਹਨ। ਦਿੱਲੀ ਦੀ ਅਦਾਲਤ ਨੇ ਸੱਜਣ ਕੁਮਾਰ ਨੂੰ ਪਹਿਲੀ ਨਵੰਬਰ, 1984 ਨੂੰ ਦਿੱਲੀ ਦੇ ਸਰਸਵਤੀ ਵਿਹਾਰ ’ਚ ਦੋ ਵਿਅਕਤੀਆਂ ਜਸਵੰਤ ਸਿੰਘ ਅਤੇ ਉਸ ਦੇ ਪੁੱਤਰ ਤਰੁਣਦੀਪ ਸਿੰਘ ਦੀ ਹੱਤਿਆ ਦੇ ਮਾਮਲੇ ’ਚ ਦੋਸ਼ੀ ਠਹਿਰਾਇਆ ਹੈ।

## ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਪੰਜ ਕਾਬੂ



ਅੰਮ੍ਰਿਤਸਰ, ਲੋਕ ਬਾਣੀ- ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ ਨਸ਼ਾ ਤਸਕਰੀ ਦੇ ਮਾਮਲੇ ਵਿੱਚ ਪੰਜ ਵਿਅਕਤੀਆਂ ਨੂੰ ਕਾਬੂ ਕਰ ਕੇ ਲਗਪਗ ਦੋ ਕਿਲੋ ਤੋਂ ਵੱਧ ਹੈਰੋਇਨ, ਡਰੱਗ ਮਨੀ ਅਤੇ ਇੱਕ ਪਿਸਤੌਲ ਬਰਾਮਦ ਕੀਤੀ ਹੈ। ਮੁਲਜ਼ਮਾਂ ਦੀ ਪਛਾਣ ਕਿਰਤਪਾਲ ਸਿੰਘ ਉਰਫ਼ ਕਿਰਤ, ਕਰਨਬੀਰ ਸਿੰਘ ਉਰਫ਼ ਕਰਨ, ਸੁਖਦੀਪ ਸਿੰਘ ਉਰਫ਼ ਸੁਖ, ਪਿਆਰਾ ਸਿੰਘ ਅਤੇ ਪੰਕਜ ਉਰਫ਼ ਬਬਲੂ ਸਾਰੇ ਵਾਸੀ ਜ਼ਿਲ੍ਹਾ ਗੁਰਦਾਸਪੁਰ ਵਜੋਂ ਹੋਈ ਹੈ। ਪੁਲੀਸ ਨੇ ਇਨ੍ਹਾਂ ਕੋਲੋਂ ਸਵਾ ਦੋ ਕਿਲੋ ਹੈਰੋਇਨ, 1.5 ਲੱਖ ਰੁਪਏ ਡਰੱਗ ਮਨੀ, ਇੱਕ ਆਧੁਨਿਕ ਪਿਸਤੌਲ ਬਰਾਮਦ ਕੀਤਾ ਹੈ। ਇਸ ਤੋਂ ਇਲਾਵਾ ਇੱਕ ਕਾਰ ਵੀ ਜ਼ਬਤ ਕੀਤੀ ਹੈ।

## 60 ਕਿਲੋ ਭੁੱਕੀ ਸਮੇਤ ਦੋ ਕਾਬੂ




ਜਲੰਧਰ, ਲੋਕ ਬਾਣੀ :ਕਮਿਸ਼ਨਰੇਟ ਪੁਲੀਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਦੋ ਜਣਿਆਂ ਨੂੰ 60 ਕਿਲੋ ਭੁੱਕੀ ਸਮੇਤ ਕਾਬੂ ਕੀਤਾ ਹੈ। ਪੁਲੀਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਜਲੰਧਰ ਦੇ ਕੋਟ ਕਲਾਂ ਰੋਡ ’ਤੇ ਸਥਿਤ ਪਟਵਾਰੀ ਢਾਬੇ ਦੇ ਨਜ਼ਦੀਕ ਗਸ਼ਤ ਦੌਰਾਨ ਪੁਲੀਸ ਪਾਰਟੀ ਨੇ ਬਲਦੇਵ ਸਿੰਘ ਪੁੱਤਰ ਬਗੀਚਾ ਸਿੰਘ, ਵਾਸੀ ਪਿੰਡ ਕੋਟ ਮੁਹੰਮਦ, ਥਾਣਾ ਧਰਮਕੋਟ, ਮੋਗਾ, ਜੋ ਕਿ ਮੌਜੂਦਾ ਸਮੇਂ ਫਰੈਂਡਜ਼ ਕਲੋਨੀ, ਵਾੜੀ ਹੈਬੋਵਾਲ, ਲੁਧਿਆਣਾ ਦਾ ਰਹਿਣ ਵਾਲਾ ਹੈ, ਨੂੰ ਕਾਬੂ ਕੀਤਾ। ਉਸ ਨੇ ਦੱਸਿਆ ਕਿ ਤਲਾਸ਼ੀ ਲੈਣ ’ਤੇ ਉਸ ਦੇ ਕਬਜ਼ੇ ’ਚੋਂ 40 ਕਿਲੋ ਭੁੱਕੀ ਬਰਾਮਦ ਹੋਈ। ਸਵਪਨ ਸ਼ਰਮਾ ਨੇ ਦੱਸਿਆ ਕਿ ਜਾਂਚ ਦੌਰਾਨ ਬਲਦੇਵ ਸਿੰਘ ਨੇ ਨਸ਼ੇ ਦੇ ਕਾਰੋਬਾਰ ਵਿੱਚ ਇੱਕ ਹੋਰ ਵਿਅਕਤੀ ਦੀ ਸ਼ਮੂਲੀਅਤ ਦਾ ਖੁਲਾਸਾ ਕੀਤਾ ਹੈ।

## ਡਿੱਗੇ ਦਰਖ਼ਤ ਅਤੇ ਟੁੱਟੀ ਸੜਕ ਕਾਰਨ ਲੋਕ ਪ੍ਰੇਸ਼ਾਨ



ਧੂਰੀ ਲੋਕ ਬਾਣੀ- ਦੋਹਲੇ ਵਾਲੇ ਫਾਟਕਾਂ ਕੋਲ ਪੈਂਦੀ ਨਹਿਰੀ ਵਿਭਾਗ ਦੀ ਨਰਸਰੀ ਨਾਲ ਜਾਂਦੇ ਰਜਵਾਹੇ ’ਤੇ ਲੰਮੇ ਸਮੇਂ ਤੋਂ ਇੱਕ ਸਫੈਦੇ ਦਾ ਦਰੱਖ਼ਤ ਰਜਵਾਹੇ ਦੇ ਦੋਵੇਂ ਕੰਢਿਆਂ ’ਤੇ ਡਿੱਗਣ ਕਾਰਨ ਆਉਣ-ਜਾਣ ਵਾਲਿਆਂ ਲਈ ਪ੍ਰੇਸ਼ਾਨੀ ਦਾ ਕਾਰਨ ਬਣਿਆ ਹੋਇਆ ਹੈ। ਇਸ ਸਬੰਧੀ ਜੰਗਲਾਤ ਵਿਭਾਗ ਦੇ ਅਧਿਕਾਰੀ ਹਰਦੀਪ ਸਿੰਘ ਨੇ ਕਿਹਾ ਕਿ ਮੌਕਾ ਵੇਖ ਕੇ ਇਸ ਟੁੱਟ ਚੁੱਕੇ ਦਰੱਖ਼ਤ ਨੂੰ ਛੇਤੀ ਹੀ ਚੁੱਕਵਾ ਲਿਆ ਜਾਵੇਗਾ।

## ਪਾਇਲ ਵਿੱਚ ਮਿਲਿਆ ਬੰਬ ਟੀਮ ਨੇ ਕੀਤਾ ਡਿਸਪੋਜ਼



ਪਾਇਲ, ਲੋਕ ਬਾਣੀ- ਪੰਜਾਬ ਪੁਲੀਸ ਤੇ ਬੰਬ ਡਿਸਪੋਜ਼ਲ ਟੀਮ ਨੇ ਅੱਜ ਇਥੇ ਇੱਕ ਪੁਰਾਣਾ ਬੰਬ ਡਿਸਪੋਜ਼ ਆਫ ਕੀਤਾ। ਡੀਐੱਸਪੀ ਪਾਇਲ ਦੀਪਕ ਰਾਏ ਨੇ ਅਪਾਣੇ ਦਫ਼ਤਰ ਵਿੱਚ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਦੋਰਾਹਾ ਪੁਲੀਸ ਨੂੰ ਬੋਪਾਰਾਏ ਰੋਡ ’ਤੇ ਖਾਲੀ ਪਲਾਟ ਵਿੱਚ ਬੰਬਨੁਮਾ ਵਸਤੂ ਪਈ ਹੋਣ ਦੀ ਖ਼ਬਰ ਮਿਲੀ ਜਿਸ ਮਗਰੋਂ ਐੱਸਐੱਚਓ ਰਾਓਵਰਿੰਦਰ ਸਿੰਘ ਜੜੀਆ ਪੁਲੀਸ ਪਾਰਟੀ ਨਾਲ ਮੌਕੇ ’ਤੇ ਪੁੱਜੇ ਤੇ ਇਲਾਕੇ ਨੂੰ ਸੁਰੱਖਿਅਤ ਕੀਤਾ। ਪੁਲੀਸ ਮੁਲਾਜ਼ਮਾਂ ਨੇ ਸ਼ੱਕੀ ਵਸਤੂ ਨੂੰ ਟੋਆ ਪੁੱਟ ਕੇ ਹੇਠਾਂ ਰੱਖਿਆ ਤੇ ਉੱਤੇ ਰੇਤਾ ਦੀਆਂ ਬੁਰੀਆਂ ਭਰ ਕੇ ਰੱਖੀਆਂ। ਇਸ ਮਗਰੋਂ ਬੰਬ ਸਕੁਆਡ ਨੂੰ ਬਲਾਇਆ ਗਿਆ, ਜਿਨ੍ਹਾਂ ਪੁੱਜ ਕੇ ਉਕਤ ਬੰਬਨੁਮਾ ਵਸਤੂ ਨੂੰ ਡਿਸਪੋਜ਼ ਆਫ ਕੀਤਾ। ਡੀਐੱਸਪੀ ਪਾਇਲ ਨੇ ਦੱਸਿਆ ਕਿ ਇਹ ਬੰਬ ਸੈੱਲ 1967-68 ਵੇਲੇ ਫੌਜ ਵੱਲੋਂ ਵਰਤਿਆ ਜਾਂਦਾ ਸੀ।

## ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੀ ਮੌਤ



ਲਹਿਰਾਗਾਗਾ, ਲੋਕ ਬਾਣੀ --ਲਹਿਰਾਗਾਗਾ ਸੁਨਾਮ ਮੁੱਖ ਸੜਕ ’ਤੇ ਬੀਤੀ ਸ਼ਾਮ ਵਾਪਰੇ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ। ਜ਼ਖ਼ਮੀ ਦੀ ਪਛਾਣ ਨੰਦ ਲਾਲ ਪੁੱਤਰ ਸੁਰੇਸ਼ ਕੁਮਾਰ ਵਾਸੀ ਲਹਿਰਾਗਾਗਾ ਵਜੋਂ ਹੋਈ ਹੈ ਜਿਸ ਨੂੰ ਰਾਹਗੀਰਾਂ ਨੇ ਸਿਵਲ ਹਸਪਤਾਲ ਲਿਜਾ ਕੇ ਦਾਖਲ ਕਰਵਾਇਆ। ਇਥੇ ਉਸ ਦੀ ਗੰਭੀਰ ਹਾਲਤ ਵੇਖ ਕੇ ਡਾਕਟਰਾਂ ਨੇ ਪਟਿਆਲਾ ਭੇਜ ਦਿੱਤਾ। ਪਟਿਆਲਾ ਹਸਪਤਾਲ ਵਿੱਚ ਵਿੱਚ ਅੱਜ ਨੰਦ ਲਾਲ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ। ਜ਼ਖ਼ਮੀ ਨੰਦ ਲਾਲ ਦੇ ਰਿਸ਼ਤੇਦਾਰ ਪਾਲਾ ਰਾਮ ਅਨੁਸਾਰ ਨੰਦ ਲਾਲ ਪਟਰੌਲ ਪੰਪ ਤੋਂ ਸ਼ਹਿਰ ਵੱਲ ਦਿਵਾਈ ਲੈਣ ਲਈ ਮੋਟਰਸਾਈਕਲ ’ਤੇ ਗਿਆ ਸੀ ਤੇ ਹਾਲੇ ਉਹ ਥੋੜ੍ਹਾ ਦੂਰ ਹੀ ਗਿਆ ਸੀ ਕਿ ਇੱਕ ਜਗਾੜੂ ਰੇਹੜੀ ਨਾਲ ਉਸ ਦੀ ਟੱਕਰ ਹੋ ਗਈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਜਲੰਧਰ 'ਚ JDA ਪੁਡਾ ਦੇ SDO ਵਿਰੁੱਧ ਵਿਜੀਲੈਂਸ ਨੂੰ ਸ਼ਿਕਾਇਤ, ਕਰੋੜਾਂ ਰੁਪਏ ਦਾ ਚੂਨਾ ਲਗਾਉਣ ਦਾ ਦੋਸ਼




(ਲੋਕ ਬਾਣੀ)) ਜਲੰਧਰ ਵਿੱਚ ਜੇਡੀਏ ਦੇ ਐਸਡੀਓ ਵਿਰੁੱਧ ਵਿਜੀਲੈਂਸ ਸ਼ਿਕਾਇਤ, ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਪਹੁੰਚਾਉਣ ਦਾ ਦੋਸ਼

ਜਲੰਧਰ ਵਿਕਾਸ ਅਥਾਰਟੀ (ਜੇਡੀਏ) ਦੇ ਐਸਡੀਓ ਵਿਰੁੱਧ ਵਿਜੀਲੈਂਸ ਬਿਊਰੋ ਵਿੱਚ ਕਾਲੋਨੀ ਨੂੰ ਗੈਰ-ਕਾਨੂੰਨੀ ਢੰਗ ਨਾਲ ਕੱਟਣ ਅਤੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਪਹੁੰਚਾਉਣ ਦੀ ਸ਼ਿਕਾਇਤ ਪ੍ਰਾਪਤ ਹੋਈ ਹੈ। ਸ਼ਿਕਾਇਤ ਤੋਂ ਬਾਅਦ, ਵਿਜੀਲੈਂਸ ਬਿਊਰੋ ਨੇ ਐਸਡੀਓ ਅਤੇ ਸ਼ਿਕਾਇਤਕਰਤਾ, ਆਰਟੀਆਈ ਕਾਰਕੁਨ ਸਿਮਰਨਜੀਤ ਸਿੰਘ ਨੂੰ ਤਲਬ ਕੀਤਾ ਹੈ।

ਜਾਣਕਾਰੀ ਅਨੁਸਾਰ, ਆਰਟੀਆਈ ਕਾਰਕੁਨ ਸਿਮਰਨਜੀਤ ਸਿੰਘ ਨੇ ਜਲੰਧਰ ਦੇ ਵਡਾਲਾ ਚੌਂਕ ਨੇੜੇ ਨਕੋਦਰ ਰੋਡ 'ਤੇ ਇੱਕ ਕਲੋਨੀ ਬਾਰੇ ਸ਼ਿਕਾਇਤ ਕੀਤੀ ਸੀ। ਸਿਮਰਨਜੀਤ ਸਿੰਘ ਅਨੁਸਾਰ, ਉਕਤ ਕਲੋਨੀ ਨੂੰ ਗਲਤ ਢੰਗ ਨਾਲ ਨਿਯਮਤ ਕੀਤਾ ਗਿਆ ਸੀ ਅਤੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਸੀ।

ਕਰੋੜਾਂ ਰੁਪਏ ਦਾ ਨੁਕਸਾਨ ਹੋਇਆ

ਆਰਟੀਆਈ ਕਾਰਕੁਨ ਅਨੁਸਾਰ, ਜੇਡੀਏ ਦੇ ਐਸਡੀਓ ਖੇਤਰ ਵਿੱਚ ਆਉਣ ਵਾਲੀ ਇਸ ਕਲੋਨੀ ਨੂੰ ਗਲਤ ਢੰਗ ਨਾਲ ਪਾਸ ਕਰਕੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਹੈ, ਜਿਸ ਕਾਰਨ ਉਸਨੇ ਵਿਜੀਲੈਂਸ ਬਿਊਰੋ ਨੂੰ ਸ਼ਿਕਾਇਤ ਕੀਤੀ।

ਵਿਜੀਲੈਂਸ ਵੱਲੋਂ ਸੰਮਨ ਭੇਜੇ ਗਏ

ਵਿਜੀਲੈਂਸ ਬਿਊਰੋ ਨੇ ਇਸ ਸਬੰਧ ਵਿੱਚ ਸੰਮਨ ਜਾਰੀ ਕਰਦੇ ਹੋਏ ਸਿਮਰਨਜੀਤ ਸਿੰਘ ਨੂੰ 13 ਫਰਵਰੀ ਨੂੰ ਆਪਣਾ ਬਿਆਨ ਅਤੇ ਸਬੂਤ ਦੇਣ ਲਈ ਤਲਬ ਕੀਤਾ ਹੈ। ਇਸ ਦੇ ਨਾਲ ਹੀ, ਇਸ ਸਬੰਧ ਵਿੱਚ ਐਸਡੀਓ ਦਾ ਜਵਾਬ ਅਜੇ ਤੱਕ ਨਹੀਂ ਆਇਆ ਹੈ। ਜੇਕਰ ਤੁਸੀਂ ਆਪਣੀ ਫੀਡਬੈਕ ਦੇਣਾ ਚਾਹੁੰਦੇ ਹੋ, ਤਾਂ ਤੁਸੀਂ 9815700 974 'ਤੇ ਵਟਸਐਪ ਕਰ ਸਕਦੇ ਹੋ

# ਕਿਉਂ ਖੋਹੀ ਗਿਆਨੀ ਹਰਪ੍ਰੀਤ ਸਿੰਘ ਜੀ ਕੋਲੋਂ ਜਥੇਦਾਰੀ ?



(ਲੋਕ ਬਾਣੀ)) ਕੱਲ ਸ਼੍ਰੋਮਣੀ ਕਮੇਟੀ ਦੀ ਕੋਰ ਕਮੇਟੀ ਦੀ ਮੀਟਿੰਗ ਵਿੱਚ ਇੱਕ ਵਾਰ ਫਿਰ ਲਿਫਾਫੇ ਚੋਂ ਨਿੱਕਲੇ ਆਰਡਰ ਨੂੰ ਪਾਸ ਕਰਦੇ ਜਥੇਦਾਰ ਹਰਪ੍ਰੀਤ ਸਿੰਘ ਨੂੰ ਝੱਟਕਾ ਦਿੰਦੇ ਜਥੇਦਾਰੀ ਦੀਆਂ ਸੇਵਾਵਾਂ ਖ਼ਤਮ ਕਰ ਦੇਣ ਬਾਅਦ ਹਰਜਿੰਦਰ ਸਿੰਘ ਧਾਮੀ ਮਿੰਟ ਚ ਰਫ਼ੂਚੱਕਰ ਹੋ ਗਏ ਤੇ ਏ ਦੱਸ ਗਏ ਕਿ ਉਹ ਵਾਕਿਆ ਹੀ ਵਫ਼ਾਦਾਰ ਨੇ ਆਪਣੇ ਆਕਾ ਦੇ। ਜ਼ਿਕਰੇ ਜੋਗ ਹੈ ਧਾਮੀ ਵੱਡੇ ਬਾਦਲ ਦੇ ਭੋਗ ਤੇ ਏ ਬੋਲੇ ਸੀ ਕਿ ਬਾਦਲ ਉਹਨਾਂ ਨੂੰ ਵੱਡੇ ਪੁੱਤਰ ਵਾਂਗ ਹੀ ਮੰਨਦਾ ਸੀ। ਤੇ ਨਾਲ ਏ ਵੀ ਬੋਲਿਆ ਮੇਰੇ ਛੋਟੇ ਵੀਰ ਸੁਖਬੀਰ ਦਾ ਮੈਂ ਧੰਨਵਾਦ ਕਰਦਾ ਜਿਹਨਾਂ ਮੇਰੀ ਵਫ਼ਾਦਾਰੀ ਦੇਖਦੇ ਮੈਨੂੰ ਸ਼੍ਰੋਮਣੀ ਕਮੇਟੀ ਦੀ ਜਿੰਮੇਵਾਰੀ ਦਿੰਦੇ ਪ੍ਰਧਾਨਗੀ ਦਿੱਤੀ ਹੈ। ਹੁਣ ਤੁਸੀਂ ਦਸੋ ਇਹੋ ਜਿਹਾ ਬੰਦਾ ਕਿਸਦੇ ਕਹੇ ਏ ਵੱਡਾ ਫ਼ੈਸਲਾ ਕੱਲ ਅੰਦਰ ਵਿਰੋਧ ਹੋਣ ਤੋਂ ਬਾਅਦ ਵੀ ਕਰ ਗਿਆ। ਤੇ ਇੱਕ ਵਾਰ ਫਸੀਲ ਦੇ ਹੁਕਮ ਨੂੰ ਬੋਸ ਵਾਂਗ ਟਿੱਚ ਸਮਝਿਆ ਕਿਉਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੇ ਐਕਸ਼ਨ ਨਹੀਂ ਹੋਇਆ ? ਇਥੋਂ ਸਾਫ ਹੀ ਹੈ ਚੋਰ ਕੁੱਤੀ ਰਲੇ ਹੋਏ ਹਨ। ਪਰ ਸ਼੍ਰੀ ਅਕਾਲ ਤੱਖਤ ਸਾਹਿਬ ਜੀ ਦੀ ਮਰਿਯਾਦਾ ਤੇ ਨਾ ਚੱਲ ਕੇ ਇਹਨਾਂ ਸੁਧਾਰ ਲਹਿਰ ਵਾਲਿਆਂ ਦਾ ਦੋਸ਼ ਆਪਣੇ ਤੇ ਜੜ ਲਿਆ ਕਿ ਏ ਸ਼੍ਰੀ ਅਕਾਲ ਤੱਖਤ ਸਾਹਿਬ ਤੋਂ ਭਗੋੜਾ ਹੋ ਚੁੱਕੇ ਨੇ। ਅੱਜ 7 ਮੈਂਬਰੀ ਕਮੇਟੀ ਜੋ ਫਸੀਲ ਤੋਂ ਬਣਾਈ ਗਈ ਹੈ ਉਸ ਦੀ ਅੱਜ ਮੀਟਿੰਗ ਹੈ। ਉਸ ਵਿੱਚ ਜੋ ਬਾਦਲ ਖੇਮੇ ਵਲੋਂ ਭਰਤੀ ਕੀਤੀਆਂ ਹਨ ਗਿਆਨੀ ਹਰਪ੍ਰੀਤ ਸਿੰਘ ਉਸ ਵਿੱਚ ਰੋੜਾ ਸਨ ਤਾਂ ਖੋਹੀ ਜਥੇਦਾਰੀ ?ਹੋ ਸੱਕਦਾ ਹੁਣ ਉਹ ਮੀਟਿੰਗ ਵੀ ਰੱਦ ਕਰ ਦੇਣ. ਪਰ ਏ ਫੈਸਲੇ ਬਾਅਦ ਵੱਖਰੇ ਵੱਖਰੇ ਪੰਥਕ ਆਗੂਆਂ ਨੇ ਕਿਹਾ ਏ ਸਿੱਧਾ ਹਮਲਾ ਫਸੀਲ ਤੋਂ ਸੁਣਾਏ ਹੁਕਮਾਂ ਤੇ ਹੋ ਰਿਹਾ। ਜਦਕਿ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਕਿਹਾ ਮੈਨੂੰ 6 ਦਸੰਬਰ ਨੂੰ ਪੱਤਾ ਲੱਗ ਗਿਆ ਸੀ। ਅਗਲੀ ਰਣਨੀਤੀ ਬਾਰੇ ਹਾਲੇ ਕੋਈ ਖੁਲਾਸਾ ਨਹੀਂ ਕੀਤਾ। ਉੱਥੇ ਵਿਦੇਸ਼ ਗਏ ਜਾਂ ਭੇਜੇ ਗਿਆਨੀ ਰਘਬੀਰ ਸਿੰਘ ਜੀ ਦਾ ਕੋਈ ਪ੍ਰਤੀਕਰਮ ਹਾਲੇ ਨਹੀਂ ਆਇਆ। ਪੰਥਕ ਹਲਕਿਆ ਵਿੱਚੋ ਹਰਪ੍ਰੀਤ ਸਿੰਘ ਜੀ ਦਾ ਕਹਿਣਾ ਕਿ 80% ਆਗੂ ਮੇਰੇ ਹੱਕ ਵਿੱਚ ਹਨ। ਹੁਣ ਅਗਲੇ ਦਿਨ ਦੱਸਣਗੇ ਕਿ ਭਰਤੀ, ਜਾਂ ਜਥੇਦਾਰ ਨੂੰ ਹਟਾਣਾ ਵਰਗੇ ਮਸਲੇ ਤੇ ਕੀ ਐਕਸ਼ਨ ਹੁੰਦਾ ਹੈ।

# ਜਾਅਲੀ ਸਰਟੀਫਿਕੇਟ ਨਾਲ ਪੰਜਾਬ ਪੁਲਿਸ ਵਿੱਚ ਨੌਕਰੀ ਕਰਨ ਦਾ ਪਰਦਾਫਾਸ਼




(ਲੋਕ ਬਾਣੀ)) ਜਾਅਲੀ ਸਰਟੀਫਿਕੇਟ ਦੀ ਮਦਦ ਨਾਲ ਪੰਜਾਬ ਪੁਲਿਸ ਵਿੱਚ ਨੌਕਰੀ ਪ੍ਰਾਪਤ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਗੱਲ ਪੰਜਾਬ ਸਕੂਲ ਸਿੱਖਿਆ ਬੋਰਡ (♦♥52) ਵਿੱਚ ਸਰਟੀਫਿਕੇਟਾਂ ਦੀ ਤਸਦੀਕ ਦੌਰਾਨ ਸਾਹਮਣੇ ਆਈ। ਜਾਂਚ ਤੋਂ ਬਾਅਦ, ਪੰਜਾਬ ਸਕੂਲ ਸਿੱਖਿਆ ਬੋਰਡ ਨੇ ਉਕਤ ਵਿਅਕਤੀ ਨੂੰ ਆਪਣੇ ਰਿਕਾਰਡ ਵਿੱਚ ਬਲੈਕਲਿਸਟ ਕਰ ਦਿੱਤਾ ਹੈ। ਸਰਟੀਫਿਕੇਟ ਜ਼ਬਤ ਕਰ ਲਿਆ ਗਿਆ ਹੈ। ਨਾਲ ਹੀ, ਬੋਰਡ ਨੇ ਇਸ ਸਬੰਧ ਵਿੱਚ ਆਪਣੀ ਰਿਪੋਰਟ ਪੁਲਿਸ ਨੂੰ ਭੇਜ ਦਿੱਤੀ ਹੈ। ਹੁਣ ਇਸ ਸਬੰਧੀ ਪੁਲਿਸ ਵੱਲੋਂ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਜਾਣਕਾਰੀ ਅਨੁਸਾਰ ਇਹ ਸਰਟੀਫਿਕੇਟ ਪੁਲਿਸ ਵੱਲੋਂ ਜਾਂਚ ਲਈ ਭੇਜਿਆ ਗਿਆ ਸੀ। ਸਰਟੀਫਿਕੇਟ ਦਸਵੀਂ ਜਮਾਤ ਦਾ ਸੀ ਅਤੇ ਲੁਧਿਆਣਾ ਜ਼ਿਲ੍ਹੇ ਦਾ ਸੀ। ਜਦੋਂ ♦♥52 ਵੱਲੋਂ ਇਸਦੀ ਜਾਂਚ ਕੀਤੀ ਗਈ ਤਾਂ ਪਤਾ ਲੱਗਾ ਕਿ ਸਾਲ 2014 ਵਿੱਚ ♦♥52 ਵੱਲੋਂ ਇਹ ਰੋਲ ਨੰਬਰ ਮਨਪ੍ਰੀਤ ਸਿੰਘ ਨਾਮ ਦੇ ਕਿਸੇ ਵੀ ਵਿਦਿਆਰਥੀ ਨੂੰ ਜਾਰੀ ਨਹੀਂ ਕੀਤਾ ਗਿਆ ਸੀ। ਜਿਸ ਤੋਂ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਸਰਟੀਫਿਕੇਟ ਜਾਅਲੀ ਹੈ।

# ਅੱਧੀ ਰਾਤ ਹੋਇਆ ਭਿਆਨਕ ਹਾਦਸਾ ? 2ਨੌਜਵਾਨਾਂ ਦੀ ਮੌਤ !



(ਲੋਕ ਬਾਣੀ)) ਅੱਧੀ ਰਾਤ ਵਾਪਰ ਗਏ ਵੱਡੇ ਸੜਕ ਹਾਦਸੇ ਵਿੱਚ 2, ਨੌਜਵਾਨ ਮਾਰੇ ਗਏ। ਮਿਲੀਆਂ ਰਿਪੋਰਟ ਅਨੁਸਾਰ ਕਿਸੇ ਰੇੜੀ ਤੋਂ ਕੁੱਛ ਖਾ ਜਦੋਂ ਏ ਨੌਜਵਾਨ ਐਕਟਿਵਾ ਤੇ ਘਰ ਜਾਣ ਲਈ ਮੁੜੇ ਪਿੱਛੋਂ ਤੇਜ਼ ਰਫਤਾਰ ਆ ਰਹੀ ਪੰਜਾਬ ਰੋਡਵੇਜ ਦੀ ਬੱਸ ਨੇ ਇਹਨਾਂ ਨੂੰ ਦੱਰੜ ਦਿੱਤਾ ਜਿਸ ਪਿੱਛੋਂ ਇੱਕ ਨੌਜਵਾਨ ਮੌਕੇ ਤੇ ਹੀ ਜਹਾਨ ਛੱਡ ਗਿਆ ਤੇ ਦੂਜੇ ਨੂੰ ਹਸਪਤਾਲ ਲੈ ਕੇ ਗਏ ਉਸ ਦੀ ਵੀ ਮੌਤ ਹੋ ਗਈ। ਜਿਸ ਬਾਅਦ ਪਿੰਡ ਵਿੱਚ ਸੋਗ ਦੀ ਲਹਿਰ ਤੇ ਮਾਤਮ ਛਾ ਗਿਆ। ਦੋਨੋਂ ਨੌਜਵਾਨ ਕੁੰਵਾਰੇ ਤੇ ਬਹੁਤ ਕਾਬਿਲ ਦੱਸੇ ਜਾ ਰਹੇ ਹਨ। ਹੁਣ ਦੇਖਣਾ ਹੋਏਗਾ ਬੱਸ ਡਰਾਇਵਰ ਤੇ ਕੀ ਕਾਰਵਾਈ ਹੁੰਦੀ ਹੈ।

# ਦੁਨੀਆਂ ਭਰ 'ਚ ਪਹਿਲੀ ਵਾਰ 'ਮੇਲਾ ਗੀਤਕਾਰਾਂ ਦਾ' 22 ਫ਼ਰਵਰੀ ਨੂੰ ਪੰਜਾਬੀ ਭਵਨ ਲੁਧਿਆਣਾ 'ਚ



ਲੁਧਿਆਣਾ(ਲੋਕ ਬਾਣੀ) ਮੇਲਾ ਗੀਤਕਾਰਾਂ ਦਾ22 ਫ਼ਰਵਰੀ 2025 ਦਿਨ ਸ਼ਨੀਵਾਰ ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਸਵੇਰ ਦੇ 11 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਕਰਵਾਇਆ ਜਾ ਰਿਹਾ ਹੈ! ਵਿਸ਼ਵ ਪੰਜਾਬੀ ਗੀਤਕਾਰ ਪਰਿਵਾਰ ਅਤੇ ਪੰਜਾਬੀ ਗੀਤਕਾਰ ਮੰਚ (ਰਜਿ:) ਲੁਧਿਆਣਾ ਵੱਲੋਂ ਪੰਜਾਬੀ ਸਾਹਿਤ ਅਕਾਦਮੀ, ਲੁਧਿਆਣਾ ਦੇ ਸਹਿਯੋਗ ਅਤੇ ਸਮੂਹ ਗੀਤਕਾਰਾਂ ਵੱਲੋਂ ਕੀਤੇ ਸਾਂਝੇ ਉਪਰਾਲੇ ਸਦਕਾ ਇਸ ਮੇਲੇ ਵਿੱਚ ਪੰਜਾਬ ਦੇ ਲੱਗਭਗ 1000 ਤੋਂ ਉੱਪਰ ਗੀਤਕਾਰਾਂ ਦੇ ਪੁੱਜਣ ਦੀ ਸੰਭਾਵਨਾ ਹੈ ! ਗੀਤਕਾਰਾਂ ਦੇ ਇਸ ਮੇਲੇ ਵਿੱਚ ਪੰਜਾਬ ਦੇ ਨਾਮੀ ਗੀਤਕਾਰਾਂ ਤੋਂ ਇਲਾਵਾ ਨਵੇਂ ਗੀਤਕਾਰ ਅਤੇ ਓਹ ਗੀਤਕਾਰ ਜਿਹਨਾਂ ਦੇ ਗੀਤ ਤਾਂ ਵੱਡੇ ਵੱਡੇ ਕਲਾਕਾਰਾਂ ਦੀ ਆਵਾਜ਼ ਵਿੱਚ ਸੁਣੇ ਹਨ ਪਰ ਅਸੀਂ ਕਦੇ ਓਹਨਾਂ ਨੂੰ ਦੇਖਿਆ ਨਹੀਂ ਓਹ ਸਾਰੇ ਗੀਤਕਾਰ ਵੀ ਆਪਣੀ ਹਾਜ਼ਰੀ ਭਰਨਗੇ ! ਮੇਲੇ ਬਾਰੇ ਜਾਣਕਾਰੀ ਦੇਂਦਿਆਂ ਮੇਲੇ ਦੇ ਮੁੱਖ ਪ੍ਰਬੰਧਕ ਅਤੇ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀਵਾਲਾ ਨੇ ਦੱਸਿਆ ਕਿ ਮੇਲੇ ਦਾ ਮੁੱਖ ਮਕਸਦ ਸਾਡੇ ਗੀਤਕਾਰ ਵੀਰਾਂ ਨੂੰ ਇੰਡੀਅਨ ਪ੍ਰਫਾਰਮਿੰਗ ਰਾਈਟ ਸੋਸਾਇਟੀ ਸੰਸਥਾ ਨਾਲ ਜੋੜਕੇ ਓਹਨਾਂ ਨੂੰ ਓਹਨਾਂ ਦੇ ਗੀਤਾਂ ਦੀ ਉਮਰ ਭਰ ਰਾਇਲਟੀ ਦੁਆਉਣਾ , ਗੀਤਾਂ ਦੀ ਚੋਰੀ ਨੂੰ ਰੋਕਣਾਂ , 60 ਸਾਲ ਤੋਂ ਉੱਪਰ ਬਜ਼ੁਰਗ ਤੇ ਬੀਮਾਰ ਗੀਤਕਾਰਾਂ ਨੂੰ ਸਰਕਾਰ ਤੋਂ ਪੈਨਸ਼ਨ ਅਤੇ ਮੁਫ਼ਤ ਇਲਾਜ਼ ਦਾ ਪ੍ਰਬੰਧ ਕਰਵਾਉਣਾ ਹੈ !

ਭੱਟੀ ਭੜੀ ਵਾਲਾ ਨੇ ਦੱਸਿਆ ਕਿ ਇਹ ਮੇਲਾ ਸਮੂਹ ਗੀਤਕਾਰਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਮੇਲੇ ਦੀ ਪ੍ਰਬੰਧਕ ਟੀਮ ਵਿੱਚ ਸ਼੍ਰੀ ਜਸਵੰਤ ਸੰਦੀਲਾ, ਪਾਲੀ ਦੇਤਵਾਲੀਆ,ਸੇਵਾ ਸਿੰਘ ਨੌਰਥ, ਬਲਬੀਰ ਮਾਨ, ਭੱਟੀ ਭੜੀਵਾਲਾ,ਬਿੱਟੂ ਖੰਨੇ ਵਾਲਾ,ਬੂਟਾ ਭਾਈ ਰੂਪਾ, ਬੱਬੂ ਬਰਾੜ, ਨਿੰਮਾ ਲੁਹਾਰਕੇ, ਗੁਰਮਿੰਦਰ ਕੈਂਡੋਵਾਲ, ਅਜੀਤਪਾਲ ਜੀਤੀ ਅਤੇ ਭੰਗੂ ਫਲੇੜੇਵਾਲਾ ਦੇ ਨਾਮ ਜ਼ਿਕਾਰਯੋਗ ਹਨ ! ਮੇਲੇ ਦੇ ਸਰਪ੍ਰਸਤ ਸ.ਬਾਬੂ ਸਿੰਘ ਮਾਨ, ਸ਼੍ਰੀ ਗੁਰਭਜਨ ਸਿੰਘ ਗਿੱਲ, ਸ਼੍ਰੀ ਸ਼ਮਸ਼ੇਰ ਸਿੰਘ ਸੰਧੂ, ਸ਼੍ਰੀ ਜਰਨੈਲ ਘੁਮਾਣ ਅਤੇ ਸ. ਅਮਰੀਕ ਸਿੰਘ ਤਲਵੰਡੀ ਹਨ! ਮੇਲੇ ਦੇ ਮੁੱਖ ਪ੍ਰਬੰਧਕ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀਵਾਲਾ ਹਨ ਜਿਹਨਾਂ ਦੀ ਰਹਿਨੁਮਾਈ ਥੱਲੇ ਮੇਲੇ ਦੀ ਕੋਆਰਡੀਨੇਟਰ ਟੀਮ ਅਮਨ ਫੁੱਲਾਂਵਾਲ, ਗਿੱਲ ਦੁੱਗਰੀ,ਅਨੂਪ ਸਿੱਧੂ ਅਤੇ ਦਿਲਬਾਗ ਹੁੰਦਲ ਪੂਰੇ ਜ਼ੋਰ ਸ਼ੋਰ ਨਾਲ ਮੇਲੇ ਨੂੰ ਹਰ ਪੱਖੋਂ ਕਾਮਯਾਬ ਬਣਾਉਣ ਵਿੱਚ ਦਿਨ ਰਾਤ ਇੱਕ ਕਰ ਰਹੇ ਹਨ ! ਮੇਲੇ ਦੇ ਸਟੇਜ ਪ੍ਰਬੰਧਕਾਂ ਵਿੱਚ ਪ੍ਰੋ ਨਿਰਮਲ ਜੌੜਾ, ਬਿੱਟੂ ਖੰਨੇਵਾਲਾ, ਜਗਤਾਰ ਜੱਗੀ ਅਤੇ ਕਰਨੈਲ ਸਿਵੀਆਂ ਦੇ ਨਾਮ ਸ਼ਾਮਲ ਹਨ !

ਮੇਲੇ ਵਿੱਚ ਅਸ਼ੋਕ ਬਾਂਸਲ ਮਾਨਸਾ, ਸ਼ਮਸ਼ੇਰ ਸਿੰਘ ਸੰਧੂ, ਬਲਬੀਰ ਮਾਨ, ਜਰਨੈਲ ਘੁਮਾਣ ਅਤੇ ਗੁਰਭਜਨ ਸਿੰਘ ਗਿੱਲ ਪੰਜਾਬੀ ਗੀਤਕਾਰੀ ਵਿੱਚ ਆਏ ਨਿੱਘਾਰ ਅਤੇ ਅਜੋਕੀ ਗੀਤਕਾਰੀ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ! ਮੇਲੇ ਦੌਰਾਨ ਤਕਰੀਬਨ 2.30 ਵਜੇ ਤੋਂ ਪੰਜਾਬ ਦੇ ਸਿਰਕੱਢ ਗਾਇਕ ਗੀਤਕਾਰ ਪਾਲੀ ਦੇਤਵਾਲੀਆ, ਜਸਵੰਤ ਸੰਦੀਲਾ, ਦੇਬੀ ਮਖਸੂਸਪੁਰੀ, ਸਰਬਜੀਤ ਚੀਮਾ, ਹਾਕਮ ਬਖ਼ਤੜੀ ਵਾਲਾ, ਆਤਮਾ ਬੁੱਢੇਵਾਲੀਆ, ਬਲਬੀਰ ਬੋਪਾਰਾਏ, ਹਰਿੰਦਰ ਸੰਧੂ, ਵੀਤ ਬਲਜੀਤ, ਹੈਪੀ ਰਾਏਕੋਟੀ, ਬਿੱਟੂ ਖੰਨੇਵਾਲਾ, ਫ਼ਤਹਿ ਸ਼ੇਰਗਿੱਲ, ਬਿੰਦਰ ਨੱਥੂਮਾਜਰਾ,ਪ੍ਰੀਤ ਹਰਪਾਲ, ਕੁਲਦੀਪ ਕੰਡਿਆਰਾ, ਸ਼ਨੀ ਸ਼ਾਹ ਅਤੇ ਸ਼ੇਰ ਰਾਣਵਾਂ ਆਪਣੇ ਫ਼ਨ ਦਾ ਮੁਜ਼ਾਹਰਾ ਕਰਨਗੇ!

ਗੀਤਕਾਰਾਂ ਦੇ ਇਸ ਮੇਲੇ ਵਿੱਚ ਪੰਜਾਬ ਦੇ ਸਾਰੇ ਗਾਇਕਾਂ, ਸੰਗੀਤਕਾਰਾਂ, ਵੀਡੀਓ ਡਾਇਰੈਕਟਰਾਂ, ਕਵੀਆਂ, ਲੇਖਕਾਂ, ਸਾਹਿਤਕਾਰਾਂ, ਗਜ਼ਲਗੋਆਂ, ਕਹਾਣੀਕਾਰਾਂ, ਭੰਗੜੇ ਗਿੱਧੇ ਦੇ ਕਲਾਕਾਰਾਂ, ਪੱਤਰਕਾਰਾਂ, ਲੇਖਕਾਂ, ਸ਼ਾਇਰਾਂ, ਬੁੱਧੀਜੀਵੀਆਂ,ਮੀਡੀਆ ਤੇ ਪ੍ਰੈਸ ਨੂੰ ਖੁੱਲ੍ਹਾ ਸੱਦਾ ਹੈ! ਮੇਲੇ ਦੀ ਖਾਸ਼ੀਅਤ ਇਹ ਹੈ ਕਿ ਮੇਲੇ ਵਿੱਚ ਅਮਰੀਕਾ, ਕੈਨੇਡਾ, ਇੰਗਲੈਂਡ, ਆਸਟ੍ਰੇਲੀਆ ਅਤੇ ਯੂਰਪ ਤੋਂ ਵਿਸ਼ੇਸ਼ ਕਰਕੇ ਗੀਤਕਾਰ ਭਾਗ ਲੈ ਰਹੇ ਹਨ ! ਮੇਲੇ ਵਾਲੇ ਦਿਨ ਸਵੇਰ ਤੋਂ ਚਾਹ ਅਤੇ ਲੰਗਰ ਅਟੁੱਟ ਵਰਤੇਗਾ! ਮੇਲੇ ਦਾ ਲਾਈਵ ਪ੍ਰਸਾਰਣ ਅਮਨਦੀਪ ਸਿੰਘ ਫੁੱਲਾਂਵਾਲ ਵੱਲੋਂ 'ਸੋਚ ਪੰਜਾਬ ਦੀ' ਅਤੇ ਹੋਰ ਚੈੱਨਲਾਂ ਤੇ ਕੀਤਾ ਜਾਵੇਗਾ !

# ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਬਣਾਈ ਗਈ 7 ਮੈਂਬਰੀ ਕਮੇਟੀ ਦੀ ਮੀਟਿੰਗ ਹੁਣ 13 ਫਰਵਰੀ ਨੂੰ ਸੱਦੀ



ਅੰਮ੍ਰਿਤਸਰ, (ਲੋਕ ਬਾਣੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਾਣਕਾਰੀ ਦਿੱਤੀ ਹੈ ਕਿ 7 ਮੈਂਬਰੀ ਕਮੇਟੀ ਦੀ ਅੱਜ ਹੋਣ ਵਾਲੀ ਇਕੱਤਰਤਾ ਹੁਣ 13 ਫਰਵਰੀ ਨੂੰ ਚੰਡੀਗੜ੍ਹ ਵਿਖੇ ਹੋਵੇਗੀ। ਉਹਨਾਂ ਦੱਸਿਆ ਹੈ ਕਿ ਇਹ ਇਕੱਤਰਤਾ 11 ਫਰਵਰੀ ਨੂੰ ਪਟਿਆਲਾ ਵਿਖੇ ਰੱਖੀ ਗਈ ਸੀ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਐਕਟਿੰਗ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਸੱਦਿਆ ਗਿਆ ਸੀ। ਪਰੰਤੂ ਭੂੰਦੜ ਦੇ ਸੁਖਬੀਰ ਸਿੰਘ ਬਾਦਲ ਦੀ ਬੇਟੀ ਦੇ ਵਿਆਹ ਸਮਾਗਮ ਵਿੱਚ ਸ਼ਾਮਿਲ ਹੋਣ ਦੇ ਰੁਝੇਵੇਂ ਕਾਰਨ ਇਕੱਤਰਤਾ ਦਾ ਸਮਾਂ ਤਬਦੀਲ ਕੀਤਾ ਗਿਆ ਹੈ। ਹੁਣ ਇਹ ਇਕੱਤਰਤਾ 13 ਫਰਵਰੀ ਨੂੰ ਚੰਡੀਗੜ੍ਹ ਸਥਿਤ ਸ਼੍ਰੋਮਣੀ ਕਮੇਟੀ ਦੇ ਉਪ ਦਫਤਰ ਵਿਖੇ ਹੋਵੇਗੀ।

# ਪੰਜਾਬ ਦੇ 1927 'ਚੋਂ 850 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ: ਲੈਕਚਰਾਰ ਯੂਨੀਅਨ



ਚੰਡੀਗੜ੍ਹ (ਲੋਕ ਬਾਣੀ)-ਪੰਜਾਬ ਵਿੱਚ 1927 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਨ ਜਿਨਾਂ ਵਿੱਚ ਲਗਭਗ 850 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ ਆਰਜੀ ਪ੍ਰਬੰਧ ਕਰਕੇ ਕੰਮ ਚਲਾਇਆ ਜਾ ਰਿਹਾ ਹੈ।ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਸਰਪ੍ਰਸਤ ਹਾਕਮ ਸਿੰਘ, ਸੀਨੀਅਰ ਸਲਾਹਕਾਰ ਸੁਖਦੇਵ ਸਿੰਘ ਰਾਣਾ ਅਤੇ ਸੂਬਾਈ ਆਗੂ ਸੰਜੀਵ ਕੁਮਾਰ, ਰਵਿੰਦਰਪਾਲ ਸਿੰਘ, ਬਲਰਾਜ ਬਾਜਵਾ ਅਤੇ ਜਗਤਾਰ ਸਿੰਘ ਸੈਦੋਕੇ ,ਗੁਰਪ੍ਰੀਤ ਸਿੰਘ ਬਠਿੰਡਾ ਨੇ ਸਾਂਝੇ ਬਿਆਨ ਵਿੱਚ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾਅਵੇ ਕਰ ਰਹੀ ਹੈ ਕਿ ਸਿੱਖਿਆ ਸੁਧਾਰ ਕਰਨ ਲਈ ਵਚਨਬੱਧ ਹੈ ਪਰ ਅਫ਼ਸੋਸ ਨਾਲ ਦੱਸਣਾ ਪੈਂਦਾ ਹੈ ਕਿ ਸਕੂਲ ਮੁਖੀਆ ਅਤੇ ਅਧਿਆਪਕਾਂ ਬਿਨਾ ਕਿਹੜਾ ਸੁਧਾਰ ਹੋ ਸਕਦਾ ਹੈ।

ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਰਣਬੀਰ ਸਿੰਘ ਸੋਹਲ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਪਦਉੱਨਤੀਆਂ ਸੀਨੀਆਰਤਾ ਅਨੁਸਾਰ ਹੁੰਦੀਆ ਹਨ। ਮਾਸਟਰ ਕਾਡਰ ਦੀਆਂ ਸੀਨੀਅਰ ਸੂਚੀਆਂ ਇਕੱਠੀ ਬਣਾਉਣ ਦੀ ਬਜਾਏ ਕਿਸ਼ਤਾਂ ਵਿੱਚ ਬਣਾਈ ਗਈ ਹੈ।ਇਕ ਸਾਂਝੀ ਸੀਨੀਆਰਤਾ ਸੂਚੀ ਜਾਰੀ ਕੀਤੀ ਜਾਵੇ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਪ੍ਰਮੋਸ਼ਨ ਸੈਲ ਬਣਾਉਣ ਦੇ ਬਾਵਜੂਦ ਪ੍ਰਮੋਸ਼ਨਾਂ ਨਹੀਂ ਹੋ ਰਹੀਆ। ਸੂਬਾ ਪ੍ਰਧਾਨ ਸੰਜੀਵ ਕੁਮਾਰ ਨੇ ਦੱਸਿਆ ਕਿ ਪ੍ਰਮੋਸ਼ਨਾਂ ਵਿੱਚ ਸਭ ਤੋਂ ਵੱਡੀ ਰੁਕਾਵਟ 2018 ਦੇ ਸਿਖਿਆ ਨਿਯਮ ਹਨ। ਸਕੂਲਾਂ ਵਿੱਚ ਸਕੂਲ ਮੁਖੀਆ ਦੀਆਂ ਆਸਾਮੀਆਂ ਭਰਨ ਲਈ ਤਰੱਕੀ ਰਾਹੀਂ ਪਦਉੱਨਤੀਆ ਦਾ ਕੋਟਾ 50% ਤੋਂ 100% ਕੀਤਾ ਜਾਵੇ।

ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਬਲਰਾਜ ਸਿੰਘ ਬਾਜਵਾ ਨੇ ਕਿਹਾ ਕਿ ਕੋ ਐਜੂਕੇਸ਼ਨ ਸਕੂਲਾਂ ਵਿੱਚ ਲੜਕੀਆ ਦੇ ਪਖਾਨਿਆਂ ਦੀ ਸਫਾਈ ਲਈ ਲੇਡੀ ਸਵੀਪਰਾਂ ਦੀ ਭਰਤੀ ਕੀਤੀ ਜਾਏ। ਖਾਲੀ ਲੈਕਚਰਾਰਾਂ ਦੀਆਂ ਅਸਾਮੀਆਂ ਸਿੱਧੀ ਅਤੇ ਪਦਉੱਨਤੀਆ ਨਾਲ ਪੂਰ ਕੀਤੀਆ ਜਾਣ।

ਸਕੂਲ ਮੁਖੀਆ ਦੀਆ ਆਸਾਮੀਆਂ ਨਿਯਮ ਅਨੁਸਾਰ ਪਹਿਲ ਦੇ ਆਧਾਰ ਤੇ ਪੂਰ ਕੀਤੀਆ ਜਾਣ। ਪਹਿਲਾਂ ਰਿਵਰਸ਼ਨ ਅਧੀਨ ਆਏ ਲੈਕਚਰਾਰ ਦੇ ਬੰਦ ਕੀਤੇ ਏ ਸੀ ਪੀ ਬਹਾਲ ਕੀਤੇ ਜਾਣ ਯੂਨੀਅਨ ਦੇ ਆਗੂ ਬਲਦੀਸ਼ ਸਿੰਘ ਅਤੇ ਜਸਪਾਲ ਸਿੰਘ ਨੇ ਦੱਸਿਆ ਕਿ ਮੁੱਖ ਦਫ਼ਤਰ ਵਿੱਚ ਡਿਪਟੀ ਡਾਇਰੈਕਟਰ ਦੀਆਂ ਆਸਾਮੀਆਂ ਜਿਲਾਂ ਸਿੱਖਿਆ ਅਫਸਰ ਵਿਚੋਂ ਸੀਨੀਅਰਜ਼ ਨੂੰ ਪ੍ਰਮੋਟ ਕਰ ਕੇ ਭਰੀਆਂ ਜਾਣ।

# ਬਠਿੰਡਾ ਦੇ 19 ਕਾਂਗਰਸੀ ਕੌਂਸਲਰਾਂ ਨੂੰ ਕਾਰਨ ਦੱਸੋ ਨੋਟਿਸ, ਮੇਅਰ ਚੋਣਾਂ ਚ 'ਆਪ' ਉਮੀਦਵਾਰ ਨੂੰ ਸਮਰਥਨ ਦੇਣ ਦਾ ਸ਼ੱਕ

ਚੰਡੀਗੜ੍ਹ-(ਲੋਕ ਬਾਣੀ) ਦਿੱਲੀ ਵਿਧਾਨ ਸਭਾ ਚੋਣਾਂ ਤੋਂ ਬਾਅਦ ਪੰਜਾਬ ਚ ਆਮ ਆਦਮੀ ਪਾਰਟੀ (ਆਪ) ਅਤੇ ਕਾਂਗਰਸ ਵਿਚਾਲੇ ਟਕਰਾਅ ਵਧ ਗਿਆ ਹੈ। ਦੋਵੇਂ ਪਾਰਟੀਆਂ ਦੇ ਆਗੂ ਲਗਾਤਾਰ ਇੱਕ ਦੂਜੇ ਤੇ ਦੋਸ਼ ਲਗਾ ਰਹੇ ਹਨ। ਇਸੇ ਦੌਰਾਨ ਪੰਜਾਬ ਕਾਂਗਰਸ ਦੀ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਤੇ ਸਾਬਕਾ ਮੰਤਰੀ ਅਵਤਾਰ ਹੈਨਰੀ ਨੇ ਬਠਿੰਡਾ ਦੇ 19 ਕਾਂਗਰਸੀ ਕੌਂਸਲਰਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਇਨ੍ਹਾਂ ਕੌਂਸਲਰਾਂ ਤੇ ਮੇਅਰ ਚੋਣਾਂ ਵਿੱਚ ਕਰਾਸ ਵੋਟਿੰਗ ਦਾ ਸ਼ੱਕ ਹੈ। ਉਨ੍ਹਾਂ ਨੂੰ ਤਿੰਨ ਦਿਨਾਂ ਅੰਦਰ ਜਵਾਬ ਦਾਖ਼ਲ ਕਰਨ ਲਈ ਕਿਹਾ ਗਿਆ ਹੈ।

ਪੰਜਾਬ ਕਾਂਗਰਸ ਅਨੁਸ਼ਾਸਨੀ ਕਮੇਟੀ ਨੇ ਕਿਹਾ ਹੈ ਕਿ ਜੇਕਰ ਸਾਰੇ ਕੌਂਸਲਰਾਂ ਨੇ ਤਿੰਨ ਦਿਨਾਂ ਵਿੱਚ ਜਵਾਬ ਨਾ ਦਿੱਤਾ ਤਾਂ ਉਨ੍ਹਾਂ ਸਾਰਿਆਂ ਖ਼ਿਲਾਫ਼ ਕਾਰਵਾਈ ਲਈ ਹਾਈਕਮਾਂਡ ਨੂੰ ਪੱਤਰ ਭੇਜਿਆ ਜਾਵੇਗਾ। ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਉਕਤ ਕੌਂਸਲਰਾਂ ਵੱਲੋਂ ਮੇਅਰ ਚੋਣਾਂ ਦੌਰਾਨ ਕਰਾਸ ਵੋਟਿੰਗ ਦਾ ਸ਼ੱਕ ਹੈ। ਕਿਉਂਕਿ ਬਠਿੰਡਾ ਵਿੱਚ ਆਮ ਆਦਮੀ ਪਾਰਟੀ ਸਿਰਫ਼ ਇੱਕ ਕੌਂਸਲਰ ਹੀ ਚੋਣ ਜਿੱਤ ਸਕੀ ਸੀ।



ਪੰਜਾਬ ਪ੍ਰਦੇਸ਼ ਕਾਂਗਰਸ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਤੇ ਸਾਬਕਾ ਕੈਬਨਿਟ ਮੰਤਰੀ ਅਵਤਾਰ ਹੈਨਰੀ ਨੇ ਸੂਬਾ ਕਾਂਗਰਸ ਦੇ ਜਨਰਲ ਸਕੱਤਰ ਸੰਦੀਪ ਸੰਧੂ ਦੀ ਸ਼ਿਕਾਇਤ ਤੇ ਇਹ ਕਾਰਵਾਈ ਕੀਤੀ ਹੈ। ਜਿਸ ਤੋਂ ਬਾਅਦ ਕੌਂਸਲਰ ਸੁਖਦੇਵ ਸਿੰਘ ਭੁੱਲਰ, ਕੌਂਸਲਰ ਸੋਨੀਆ, ਕੌਂਸਲਰ ਵਿਵੇਕ ਗਰਗ, ਕੌਂਸਲਰ ਮਨਜੀਤ ਕੌਰ, ਕੌਂਸਲਰ ਬਲਰਾਜ ਸਿੰਘ, ਕੌਂਸਲਰ ਵਿਕਰਮ ਕ੍ਰਾਂਤੀ, ਕੌਂਸਲਰ ਸੁਰੇਸ਼ ਕੁਮਾਰ, ਕੌਂਸਲਰ ਕਿਰਨ ਰਾਣੀ, ਕੌਂਸਲਰ ਸ਼ਾਮ ਲਾਲ ਗਰਗ, ਕੌਂਸਲਰ ਕਮਲਜੀਤ ਕੌਰ, ਕੌਂਸਲਰ ਉਮੇਸ਼ ਗਰਗ, ਕੌਂਸਲਰ ਨੇਹਾ, ਕੌਂਸਲਰ ਮਮਤਾ ਕੌਰ, ਕੌਂਸਲਰ ਮਮਤਾ ਕੌਰ, ਕੌਂਸਲਰ ਅਨੀਤਾ ਗੋਇਲ, ਕੌਂਸਲਰ ਰਾਜ ਰਾਣੀ, ਕੌਂਸਲਰ ਮਮਤਾ, ਕੌਂਸਲਰ ਕਮਲੇਸ਼ ਮਹਿਰਾ ਦੇ ਨਾਂ ਸ਼ਾਮਲ ਹਨ।

# ਏ.ਪੀ.ਜ਼ੇ. ਪਬਲਿਕ ਸਕੂਲ ਚ 12ਵੀਂ ਗ੍ਰੈਜੂਏਟ ਵਿਦਿਆਰਥੀਆਂ ਲਈ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ



ਖਰੜ, (ਕਾਲਾ ਸਿੰਘ ਸੈਣੀ )- ਏ.ਪੀ. ਜੇ. ਪਬਲਿਕ ਸਕੂਲ ਨੇ 12ਵੀਂ ਗ੍ਰੈਜੂਏਟ ਵਿਦਿਆਰਥੀਆਂ ਲਈ ਸੁਖਮਨੀ ਸਾਹਿਬ ਪਾਠ ਕਰਵਾਇਆ ਗਿਆ ਅਤੇ ਪਾਠ ਦੀ ਸਮਾਪਤੀ ਤੋਂ ਬਾਅਦ ਵਿਦਾਇਗੀ ਸਮਾਰੋਹ ਦੀ ਮੇਜ਼ਬਾਨੀ ਕੀਤੀ। ਜਿੱਥੇ ਵਿਦਿਆਰਥੀ, ਅਧਿਆਪਕ ਅਤੇ ਮਾਪੇ ਵਿਦਿਆਰਥੀਆਂ ਦੇ ਭਵਿੱਖ ਲਈ ਬ੍ਰਹਮ ਅਸੀਸਾਂ ਮੰਗਣ ਲਈ ਇਕੱਠੇ ਹੋਏ। ਸ਼ਾਂਤ ਮਾਹੌਲ ਨੇ ਸਾਰਿਆਂ ਨੂੰ ਸਕਾਰਾਤਮਕ ਊਰਜਾ ਨਾਲ ਭਰ ਦਿੱਤਾ, ਜਿਸ ਨਾਲ ਜਸ਼ਨਾਂ ਲਈ ਸੁਰ ਤਿਆਰ ਹੋਈ। ਪ੍ਰਾਰਥਨਾ ਤੋਂ ਬਾਅਦ ਵਿਦਾਇਗੀ ਸਮਾਰੋਹ ਭਾਸ਼ਣਾਂ ਦੀ ਇੱਕ ਲੜੀ ਨਾਲ ਸ਼ੁਰੂ ਹੋਇਆ, ਜਿਸ ਵਿੱਚ 12ਵੀਂ ਦੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦਾ ਪ੍ਰਦਰਸ਼ਨ ਕੀਤਾ ਗਿਆ। ਅਧਿਆਪਕਾਂ ਅਤੇ ਪ੍ਰਿੰਸੀਪਲ ਜਸਬੀਰ ਚੰਦਰ ਵਲੋਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਦਿਲੋਂ ਸ਼ੁਭਕਾਮਨਾਵਾਂ ਸਾਂਝੀਆਂ ਕੀਤੀਆਂ। ਵਿਦਿਆਰਥੀਆਂ ਨੂੰ ਏ.ਪੀ.ਜ਼ੇ. ਪਬਲਿਕ ਸਕੂਲ ਵਿੱਚ ਆਪਣੇ ਸਮੇਂ ਦੀ ਯਾਦ ਦਿਵਾਉਣ ਲਈ ਪ੍ਰਸ਼ੰਸਾ ਦੇ ਟੋਕਨ ਭੇਟ ਕੀਤੇ ਗਏ। ਇਸ ਸਮਾਗਮ ਵਿੱਚ ਸੰਗੀਤ ਅਤੇ ਨਾਚ ਦੇ ਨਾਲ ਇੱਕ ਖੁਸ਼ੀ ਭਰਿਆ ਜਸ਼ਨ ਵੀ ਸ਼ਾਮਲ ਸੀ, ਜਿੱਥੇ ਵਿਦਿਆਰਥੀ ਆਪਣੀਆਂ ਮਨਪਸੰਦ ਧੁਨਾਂ ਤੇ ਨੱਚੇ ਤੇ ਇਕੱਠੇ ਆਪਣੇ ਆਖਰੀ ਪਲਾਂ ਦਾ ਆਨੰਦ ਮਾਣਿਆ। ਪ੍ਰਿੰਸੀਪਲ ਜਸਵੀਰ ਚੰਦਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਇਮਾਨਦਾਰੀ ਅਤੇ ਮਿਹਨਤ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਉਨ੍ਹਾਂ ਨੂੰ ਹਮੇਸ਼ਾ ਆਪਣੇ ਯਤਨਾਂ ਵਿੱਚ ਸਮਰਪਿਤ ਅਤੇ ਲਗਨ ਨਾਲ ਰਹਿਣ ਲਈ ਪ੍ਰੇਰਿਤ ਕੀਤਾ, ਉਨ੍ਹਾਂ ਨੂੰ ਯਾਦ ਦਿਵਾਇਆ ਕਿ ਜੀਵਨ ਇੱਕ ਪ੍ਰਾਪਤੀਆਂ ਦਾ ਸਫ਼ਰ ਹੈ। ਉਨ੍ਹਾਂ ਨੇ ਉਨ੍ਹਾਂ ਨੂੰ ਫੋਕਸ ਅਤੇ ਵਚਨਬੱਧ ਰਹਿਣ ਦੀ ਤਾਕੀਦ ਕੀਤੀ ਕਿਉਂਕਿ ਸਫਲਤਾ ਦ੍ਰਿੜ ਇਰਾਦੇ ਅਤੇ ਨਿਰੰਤਰ ਕੋਸ਼ਿਸ਼ ਨਾਲ ਮਿਲਦੀ ਹੈ।

# 14 ਫਰਵਰੀ ਨੂੰ ਵਾਹਨਾਂ ਦੀ ਨਿਲਾਮੀ ਨੂੰ ਲੈ ਕੇ ਕਾਨਪੁਰ ਦੇ ਸਕਰੈਪ ਡੀਲਰਾਂ ਨੇ ਗੋਵਿੰਦ ਨਗਰ ਤੇ ਨਜ਼ਰ ਰੱਖੀ।





ਕਾਨਪੁਰ ( ਸੁਨੀਲ ਬਾਜਪਾਈ ) ਸ਼ਹਿਰ ਦੇ ਥਾਣਿਆਂ ਵਿੱਚ ਕਰੋੜਾਂ ਰੁਪਏ ਦੇ ਦੋਪਹੀਆ ਅਤੇ ਚਾਰ ਪਹੀਆ ਵਾਹਨ ਕਬਾੜ ਦੇ ਢੇਰ ਬਣ ਗਏ ਹਨ। ਸਰਕਾਰ ਨੂੰ ਕੁਝ ਮਾਲੀਏ ਦਾ ਫਾਇਦਾ ਹੋਣਾ ਚਾਹੀਦਾ ਹੈ। ਹੁਣ ਇਸ ਇਰਾਦੇ ਨਾਲ ਸਕ੍ਰੈਪ ਕੀਤੇ ਗਏ ਇਨ੍ਹਾਂ ਸਾਰੇ ਵਾਹਨਾਂ ਦੀ ਨਿਲਾਮੀ ਕਰਨ ਦੀ ਵੀ ਤਿਆਰੀ ਕਰ ਲਈ ਗਈ ਹੈ, ਜਿਸ ਕਾਰਨ ਸ਼ਹਿਰ ਭਰ ਦੇ ਸਕਰੈਪ ਡੀਲਰ ਵੀ ਸਰਗਰਮ ਹੋ ਗਏ ਹਨ। ਇਨ੍ਹਾਂ ਵਿੱਚੋਂ ਕਈ ਤਾਂ ਸਭ ਤੋਂ ਘੱਟ ਬੋਲੀ ਲਗਾ ਕੇ ਸਾਰਾ ਮਾਲ ਹਾਸਲ ਕਰਨ ਦੀ ਕੋਸ਼ਿਸ਼ ਵੀ ਕਰ ਰਹੇ ਹਨ। ਇਨ੍ਹੀਂ ਦਿਨੀਂ ਉਸ ਦੀ ਨਜ਼ਰ ਗੋਵਿੰਦ ਨਗਰ ਥਾਣੇ ਤੇ ਹੈ, ਜਿੱਥੇ ਭਲਕੇ 14 ਫਰਵਰੀ ਨੂੰ ਅੱਧੀ ਦਰਜਨ ਮਾਲ ਗੱਡੀਆਂ ਸਮੇਤ 21 ਵਾਹਨਾਂ ਦੀ ਨਿਲਾਮੀ ਹੋਣ ਜਾ ਰਹੀ ਹੈ।

ਉਧਰ, ਵਧੀਕ ਮਿਉਂਸਪਲ ਮੈਜਿਸਟਰੇਟ-1 ਦੀ ਪ੍ਰਧਾਨਗੀ ਹੇਠ 14 ਫਰਵਰੀ ਨੂੰ ਗੋਵਿੰਦ ਨਗਰ ਵਿੱਚ ਹੋਣ ਵਾਲੀ ਵਾਹਨਾਂ ਦੀ ਨਿਲਾਮੀ ਤੋਂ ਪਹਿਲਾਂ ਪੁਲੀਸ ਨੇ ਹਰ ਸੰਭਵ ਕੋਸ਼ਿਸ਼ ਕੀਤੀ ਹੈ ਤਾਂ ਜੋ ਕਿਸੇ ਵੀ ਮਾਲਕ ਨੂੰ ਕਿਸੇ ਕਿਸਮ ਦੀ ਸ਼ਿਕਾਇਤ ਕਰਨ ਦਾ ਮੌਕਾ ਨਾ ਮਿਲੇ।

ਖਾਸ ਗੱਲ ਇਹ ਹੈ ਕਿ ਅੱਜ ਤੱਕ ਨਿਲਾਮੀ ਕੀਤੇ ਜਾਣ ਵਾਲੇ ਵਾਹਨਾਂ ਸਬੰਧੀ ਕੋਈ ਵੀ ਅਦਾਲਤ ਨਹੀਂ ਪੁੱਜੀ, ਜਿਸ ਦੇ ਸਿੱਟੇ ਵਜੋਂ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਦੀ ਅਗਵਾਈ ਹੇਠ ਐਡੀਸ਼ਨਲ ਇੰਸਪੈਕਟਰ ਅਭੈ ਸਿੰਘ ਅਤੇ ਇੰਚਾਰਜ ਮਲਖਾਨਾ ਦੀ ਟੀਮ ਨੇ ਭਲਕੇ 14 ਫਰਵਰੀ 2025 ਨੂੰ ਹੋਣ ਵਾਲੀ ਨਿਲਾਮੀ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਹੈ।

# ਸਮਰਾਟ ਹੋਮਜ਼ ਸੈਕਟਰ 115 ਵਿੱਚ ਸੀਵਰੇਜ਼ ਦਾ ਗੰਦਾ ਪਾਣੀ ਓਵਰਫਲੋ ਹੋਣ ਨਾਲ ਵਸਨੀਕ ਪ੍ਰੇਸ਼ਾਨ



ਖਰੜ, (ਕਾਲਾ ਸਿੰਘ ਸੈਣੀ ) -ਸਥਾਨਕ ਸ਼ਹਿਰ ਖਰੜ ਦੀ ਖੂਨੀ ਮਾਜਰਾ ਸੜਕ 'ਤੇ ਬਣੇ ਸਮਾਰਟ ਹੋਮਜ਼ ਸੈਕਟਰ 115 ਵਿੱਚ ਸੀਵਰੇਜ਼ ਦਾ ਗੰਦਾ ਪਾਣੀ ਓਵਰਫਲੋ ਹੋਣ ਕਾਰਨ ਫਲੈਟਾਂ ਅੱਗੇ ਖੜੇ ਗੰਦੇ ਪਾਣੀ ਕਾਰਨ ਉੱਥੇ ਤੋਂ ਵਸਨੀਕਾਂ ਨਰਕ ਭਰੀ ਜ਼ਿੰਦਗੀ ਜਿਊਣ ਨੂੰ ਮਜਬੂਰ ਹੋ ਰਹੇ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਨਿਰਮਲ ਸਿੰਘ,ਵਿਨੋਦ ਸਿੰਘ ਨੇਗੀ,ਹਰਸ਼ ਅਰੋੜਾ,ਸ਼ਕੀਲ,ਵੈਭਵ ਅਤੇ ਹੋਰ ਵਸਨੀਕਾਂ ਨੇ ਦੱਸਿਆ ਕਿ ਸੀਵਰੇਜ਼ ਦਾ ਇਹ ਗੰਦਾ ਪਾਣੀ ਉਨਾਂ ਦੇ ਪੀਣ ਵਾਲੇ ਪਾਣੀ ਵਿੱਚ ਸਾਮਿਲ ਹੋ ਕੇ ਪਾਣੀ ਦੀਆਂ ਟੈਂਕਿਆਂ ਵਿੱਚ ਵੀ ਚੜ ਗਿਆ ਹੈ। ਉਨਾਂ ਦੱਸਿਆ ਕਿ ਬਿਲਡਰ ਵਲੋਂ ਸੀਵਰੇਜ਼ ਦੀ ਸੱਮਿਸਿਆ ਲਈ ਫਲੈਟਾਂ ਅੱਗੇ ਟੈਂਕ ਬਣਾਇਆ ਗਿਆ ਸੀ ਜਿਸ ਨੂੰ ਪਿਛਲੇ ਕੁਝ ਦਿਨਾਂ ਬਾਅਦ ਵਸਨੀਕਾਂ ਵਲੋਂ ਟੈਂਕ ਖਾਲੀ ਕਰਨ ਵਾਲਾ ਟਰੈਕਟਰ ਬੁਲਾ ਕੇ ਖਾਲੀ ਕਰਵਾਇਆ ਜਾਂਦਾ ਰਿਹਾ ਹੈ। ਪਰ ਹੁਣ ਸੜਕ 'ਤੇ ਸੀਵਰੇਜ਼ ਦੀ ਲਾਇਨ ਪੈਣ ਕਾਰਨ ਟਰੈਕਟਰ ਦਾ ਆਉਣਾ ਮੁਸ਼ਕਲ ਹੋ ਗਿਆ ਹੈ। ਜਿਸ ਕਾਰਨ ਸੀਵਰੇਜ਼ ਦਾ ਟੈਂਕ ਓਵਰਫੋਲ ਹੋ ਕੇ ਨਾਲ ਬਣੀ ਪੀਣ ਵਾਲੇ ਪਾਣੀ ਦੇ ਟੈਂਕ ਵਿੱਚ ਗੰਦਾ ਪਾਣੀ ਜਾ ਮਿਲਿਆ ਹੈ। ਜਿਸ ਗੰਦੇ ਪਾਣੀ ਵਿੱਚੋਂ ਆਉਂਦੀ ਬਦਬੂ ਕਾਰਨ ਕਾਰਨ ਇੱਥੋਂ ਦੇ ਵਸਨੀਕਾਂ ਦਾ ਰਹਿਣਾ ਮੁਸ਼ਕਲ ਹੋ ਗਿਆ ਹੈ। ਉਨਾਂ ਦੱਸਿਆ ਕਿ ਬਿਲਡਰ ਵਲੋਂ ਫਲੈਟ ਵੇਚਣ ਤੋਂ ਬਾਅਦ ਉਨਾਂ ਦੀ ਕੋਈ ਬਾਤ ਨਹੀਂ ਪੁੱਛੀ। ਉਨਾਂ ਪ੍ਰਸਾਸ਼ਨ ਤੋਂ ਮੰਗ ਕੀਤੀ ਕਿ ਉਨਾਂ ਦੀ ਸਮੱਸਿਆ ਦਾ ਹੱਲ ਕੀਤਾ ਜਾਵੇ ਤਾਂ ਜੋ ਉਹ ਸਾਫ਼-ਸੁਥਰਾ ਜੀਵਨ ਬਤੀਤ ਕਰ ਸਕਣ।

**ਇਸ ਸੰਬੰਧੀ ਜਦੋਂ ਬਿਲਡਰ ਵਿਕਾਸ ਕਾਂਸਲ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨਾਂ ਕਿਹਾ ਕਿ ਸੁਸਾਇਟੀ ਦੇ ਲੋਕਾਂ ਵਲੋਂ ਖੁਦ ਹੀ ਪੈਸੇ ਇੱਕਠੇ ਕਰਕੇ ਇਸ ਹੱਲ ਕੀਤਾ ਜਾਂਦਾ ਹੈ। ਉਨਾਂ ਦੱਸਿਆ ਕਿ ਨਗਰ ਕੌਂਸਲ ਨੂੰ ਸੁਸਾਇਟੀ ਹੈਂਡਓਵਰ ਨਹੀਂ ਕੀਤੀ ਗਈ ਹੈ।**

# ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ ਵਿਖੇ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਮਨਾਇਆ



ਖਰੜ, (ਕਾਲਾ ਸਿੰਘ ਸੈਣੀ )- ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਅੱਜ ਖਰੜ ਸ਼ਹਿਰ ਅਤੇ ਇਸ ਦੇ ਨਾਲ ਲੱਗਦੇ ਵੱਖ- ਵੱਖ ਗੁਰਦੁਆਰਿਆਂ ਵਿੱਚ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਹੀ ਤਰ੍ਹਾਂ ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ ਸਵਰਾਜ ਨਗਰ ਖਰੜ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ 'ਚ ਜਨਮ ਦਿਹਾੜਾ ਮਨਾਉਣ ਮੌਕੇ ਉਤਸ਼ਾਹ ਦੇਖਿਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵੀਰ ਸਿੰਘ, ਦਵਿੰਦਰ ਸਿੰਘ ਬਰਮੀਂ, ਜਸਬੀਰ ਸਿੰਘ ਸੰਧੂ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰਾਂਤ ਦੀਵਾਨ ਸਜਾਏ ਗਏ ਇਨ੍ਹਾਂ ਦੀਵਾਨਾਂ ਵਿੱਚ ਬੀਬੀਆਂ ਦੇ ਜੱਥੇ ਅਤੇ ਮਾਤਾ ਗੁਜਰੀ ਗੁਰਮਿਤ ਸਿੱਖਿਆ ਕੇਂਦਰ ਦੇ ਬੱਚਿਆਂ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਹਜ਼ੂਰੀ ਰਾਗੀ ਭਾਈ ਸੁਖਵਿੰਦਰ ਸਿੰਘ ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ, ਭਾਈ ਗੁਰਦੇਵ ਸਿੰਘ ਜੀ (ਪਟਿਆਲੇ ਵਾਲਿਆ) ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੀ ਸਮਾਪਤੀ ਤੋਂ ਬਾਅਦ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਪਿੰਡ ਅਕਾਲਗੜ੍ਹ ਵਿਖੇ ਸਜਾਇਆ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ



ਫਗਵਾੜਾ ( ਸੁਸ਼ੀਲ ਸ਼ਰਮਾ ) ਨਜਦੀਕੀ ਪਿੰਡ ਅਕਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਗੁਰਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਪ੍ਰਧਾਨ ਗੁਰਨਾਮ ਪਾਲ ਦੀ ਦੇਖਰੇਖ ਹੇਠ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਸਜਾਇਆ ਗਿਆ। ਨਗਰ ਕੀਰਤਨ ਦੀ ਅਰੰਭਤਾ ਹੈੱਡ ਗ੍ਰੰਥੀ ਭਾਈ ਗੁਲਜਾਰ ਸਿੰਘ ਅਕਾਲਗੜ੍ਹ ਨੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਕਰਵਾਈ। ਸੁੰਦਰ ਪਾਲਕੀ ਵਿਚ ਸੁਸ਼ੋਭਿਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਜਾਏ ਨਗਰ ਕੀਰਤਨ ਦਾ ਸੰਗਤਾਂ ਵਲੋਂ ਥਾਂ-ਥਾਂ ਤੇ ਫੁੱਲਾਂ ਦੀ ਵਰਖਾ ਨਾਲ ਨਿੱਘਾ ਸਵਾਗਤ ਕੀਤਾ ਗਿਆ। ਸੰਗਤਾਂ ਨੇ ਨਗਰ ਕੀਰਤਨ ਦੇ ਸਵਾਗਤ ਵਿਚ ਅਨੇਕਾਂ ਥਾਵਾਂ 'ਤੇ ਸੁੰਦਰ ਗੇਟ ਬਣਾਏ ਸਨ। ਸੰਗਤਾਂ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਂਟ ਕੀਤੇ ਅਤੇ ਅਸ਼ੀਰਵਾਦ ਲਿਆ। ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਲਈ ਵੱਖ-ਵੱਖ ਪਕਵਾਨਾ ਦੇ ਲੰਗਰ ਲਗਾਏ ਗਏ ਸਨ। ਵੱਖ-ਵੱਖ ਪੜਾਵਾਂ 'ਤੇ ਢਾਡੀ ਗਿਆਨੀ ਮੇਜਰ ਸਿੰਘ ਦੇ ਜੱਥੇ ਨੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰੂ ਇਤਿਹਾਸ ਸਰਵਣ ਕਰਵਾਇਆ। ਸੋਨਾ ਬੈਂਸ ਐਂਡ ਮਿਊਜੀਕਲ ਗਰੁੱਪ ਫਗਵਾੜਾ ਨੇ ਧਾਰਮਿਕ ਗੀਤਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਰਪੰਚ ਮੀਨਾ ਰਾਣੀ, ਸਮਾਜ ਸੇਵਕ ਭਾਈ ਲਾਲ ਸਿੰਘ, ਗੁਰਮੇਲ ਸਿੰਘ ਸਕੱਤਰ, ਠੇਕੇਦਾਰ ਜਸਵਿੰਦਰ ਸਿੰਘ ਮਾਣਾ, ਰਾਮ ਲੁਭਾਇਆ ਹੀਰ, ਭਗਤ ਗੁਰਦਿਆਲ ਸਿੰਘ, ਜਸਵੰਤ ਸਿੰਘ ਫੌਜੀ, ਲਾਡੀ, ਕਮਲਜੀਤ ਕੌਰ, ਜਸਬੀਰ ਸਿੰਘ, ਕੁਲਵੰਤ ਸਿੰਘ ਕਲੋਟੀਆ, ਸਤਨਾਮ ਸਿੰਘ, ਤਰਸੇਮ ਲਾਲ, ਹਰਵਿੰਦਰ ਸਿੰਘ ਭੋਲਾ, ਸ਼ਾਮ ਲਾਲ, ਐਨ.ਆਰ.ਆਈ. ਸਤਨਾਮ ਸਿੰਘ ਸੱਤਾ, ਜਸਬੀਰ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ, ਰੋਸ਼ਨ ਲਾਲ ਪੱਪੂ, ਮੱਖਣ ਲਾਲ, ਰੂਪ ਲਾਲ, ਰਾਹੁਲ ਕੁਮਾਰ, ਜੋਗਿੰਦਰ ਪਾਲ ਕਾਲੂ, ਜਤਿੰਦਰ ਸਿੰਘ, ਜਰਨੈਲ ਸਿੰਘ, ਤਲਵਿੰਦਰ ਸਿੰਘ, ਸੁੱਚਾ ਸਿੰਘ, ਲਖਵੀਰ ਸਿੰਘ, ਜਸਵਿੰਦਰ ਸਿੰਘ ਪੰਚ, ਜੱਸੀ, ਲਖਵਿੰਦਰ ਚੰਦ, ਸੁਖਦੇਵ ਸਿੰਘ ਯੂ.ਐਸ.ਏ., ਜਗੀਰ ਸਿੰਘ ਯੂ.ਐਸ.ਏ., ਹਰਬੰਸ ਸਿੰਘ ਯੂ.ਐਸ.ਏ., ਬੌਬੀ ਕਲਸੀ, ਸਨੀ ਕਲਸੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

# ਜੰਗਲਾਤ ਵਰਕਰਜ਼ ਯੂਨੀਅਨ ਵੱਲੋਂ 11 ਅਤੇ 12 ਫਰਵਰੀ ਨੂੰ ਪੰਜਾਬ ਦੇ ਕੈਬਨਿਟ ਮੰਤਰੀਆਂ ਸੌਂਪੇ ਮੰਗ ਪੱਤਰ

ਲੁਧਿਆਣਾ (ਸੁਖਚੈਨ ਮਹਿਰਾ)ਜੰਗਲਾਤ ਵਰਕਰਜ ਯੂਨੀਅਨ ਪੰਜਾਬ ਸਬੰਧਤ ਪੰਜਾਬ ਸੁਬਾਰਡੀਨੇਟ ਸਰਵਿਸਿਜ ਫ਼ੈਡਰੈਸਨ1406-22 ਬੀ ਦੀ ਪਿਛਲੇ ਦਿਨੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਅਮਰੀਕ ਸਿੰਘ ਗੜਸ਼ੰਕਰ ਦੀ ਅਗਵਾਈ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਮੀਟਿੰਗ ਹੋਈ।

ਇਸ ਮੀਟਿੰਗ ਵਿੱਚ ਸੂਬਾਈ ਜਸਵੀਰ ਸਿੰਘ ਸੀਰਾ ਸਿਵ ਕੁਮਾਰ ਰੋਪੜ ਰਣਜੀਤ ਗੁਰਦਾਸਪੁਰ ਸੇਰ ਸਿੰਘ ਸਰਹਿੰਦ ਅਤੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆ ਕਿਹਾ ਕਿ ਵਣ ਅਤੇ ਜੰਗਲੀ ਜੀਵ ਵਿਭਾਗ ਵਿਚ ਪਿਛਲੇ 25-25 ਸਾਲਾਂ ਤੋ ਨਿਗੋਣੀਆ ਤਨਖ਼ਾਹਾਂ ਤੇ ਡੇਲੀਵੇਜ ਕੰਮ ਕਰਦੇ ਜੰਗਲਾਤ ਕਾਮਿਆ ਨੂੰ ਪੱਕਿਆ ਕਰਵਾਉਣ ਲਈ 13 ਫਰਵਰੀ ਦੀ ਕੈਬਨਿਟ ਮੀਟਿੰਗ ਵਿੱਚ ਜੰਗਲਾਤ ਕਾਮਿਆਂ ਤੇ ਲਗਾਈਆ ਸ਼ਰਤਾਂ ਨੂੰ ਵਿਚਾਰ ਕਰਕੇ ਹਟਾਇਆ ਜਾਵੇ,ਕਿਉਂਕਿ ਜਿਸ ਪ੍ਰਕਾਰ ਅਕਾਲੀ ਅਤੇ ਕਾਂਗਰਸ ਸਰਕਾਰ ਦੌਰਾਨ ਜੰਗਲਾਤ ਕਾਮੇ 2011 ਅਤੇ 2015 ਵਿਚ ਬਿਨਾਂ ਸ਼ਰਤ ਪੱਕੇ ਕੀਤੇ ਗਏ ਸਨ ਅਤੇ ਪੂਰੇ ਲਾਭ ਦੇ ਕੇ ਹੁਣ ਵੀ




ਪੱਕੇ ਕੀਤੇ ਜਾਣ।ਜੰਗਲਾਤ ਕਾਮਿਆਂ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਮੀਟਿੰਗ ਕਰਕੇ ਪ੍ਰੋਗਰਾਮ ਉਲੀਕੇ ਗਏ, ਕਿ 11 ਫਰਵਰੀ ਅਤੇ 12 ਫਰਵਰੀ ਨੂੰ ਸਮੂਹ ਕੈਬਨਿਟ ਮੰਤਰੀਆਂ ਨੂੰ ਮੰਗ ਪੱਤਰ ਭੇਜੇ ਜਾਣ। ਜਿਸ ਦੀ ਤਹਿਤ ਪਟਿਆਲਾ ਤੋ ਜਸਵਿੰਦਰ ਸੌਜਾ ਦੀ ਅਗਵਾਈ ਹੇਠ ਕੈਬਨਿਟ ਮੰਤਰੀ ਸ੍ਰ ਬਲਵੀਰ ਸਿੰਘ ਦੇ ਪੀਏ ਨੂੰ ਮੰਗ ਪੱਤਰ ਸੌਂਪਿਆ ਅਤੇ ਸੰਗਰੂਰ ਵਿਖੇ ਸਤਨਾਮ ਸਿੰਘ ਦੀ ਅਗਵਾਈ ਹੇਠ ਵਿੱਤ ਮੰਤਰੀ ਹਰਪਾਲ ਸਿੰਘ ਜੀ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਨੂੰ ਮੰਗ ਪੱਤਰ ਸੌਂਪਿਆ ਅਤੇ ਤਰਨਤਾਰਨ ਤੋ ਬਲਵੀਰ ਸਿੰਘ ਚੀਮਾ ਦੀ ਆਗਵਾਈ ਹੇਠ ਕੈਬਨਿਟ ਮੰਤਰੀ ਲਾਲ ਜੀਤ ਭੁਲਰ ਦੇ ਪਿਤਾ ਜੀ ਨੂੰ ਮੰਗ ਪੱਤਰ ਸੌਂਪਿਆ ਅਤੇ ਖੰਨਾ ਤੋ ਰਵੀ ਗੜੀ ਦੀ ਅਗਵਾਈ ਹੇਠ ਤਰਨਪ੍ਰੀਤ ਸਿੰਘ ਦੇ ਪਿਤਾ ਜੀ ਨੂੰ ਅਤੇ ਲੁਧਿਆਣ ਤੋ ਬੁੱਟਾ ਸਿੰਘ ਦੀ ਅਗਵਾਈ ਹੇਠ ਕੈਬਨਿਟ ਹਰਜੀਤ ਸਿੰਘ ਮੁੰਡੀਆ ਜੀ ਨੂੰ ਅਤੇ ਸ੍ਰੀ ਮੁਕਤਸਰ ਸਾਹਿਬ ਤੋ ਮਲਕੀਤ ਸਿੰਘ ਦੀ ਅਗਵਾਈ ਹੇਠ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਵਿਜੇ ਕੁਮਾਰ ਨਰਿੰਦਰ ਸਿੰਘ ਮਨਪ੍ਰੀਤ ਸਿੰਘ ਅਜੈ ਕੁਮਾਰ ਦੀ ਅਗਵਾਈ ਹੇਠ ਐਮ ਐਲ ਏ ਜਗਤਾਰ ਸਿੰਘ ਦਿਆਲਪੁਰਾ ਨੂੰ ਮੰਗ ਪੱਤਰ ਭੇਜੇ ਗਏ, ਵਿਰਸਾ ਸਿੰਘ ਅਮ੍ਰਿਤਸਰ, ਬਲਰਾਜ ਪਠਾਨਕੋਟ, ਰਵੀ ਕਾਂਤ ਰੋਪੜ, ਸੁਲੱਖਣ ਸਿੰਘ ਮੋਹਾਲੀ, ਬੱਬੂ ਮਾਨਸਾ, ਸੁਖਦੇਵ ਜਲੰਧਰ ਅਤੇ ਅਮਨਦੀਪ ਸਿੰਘ ਛੱਤ ਬੀੜ ਪ੍ਰਗਟ ਸਿੰਘ ਲਖਵਿੰਦਰ ਸਿੰਘ ਬਲਜੀਤ ਸਿੰਘ ਨੇ ਕਿਹਾ ਕਿ ਜੇਕਰ ਫਿਰ ਵੀ ਜੰਗਲਾਤ ਕਾਮਿਆਂ ਨੂੰ ਬਿਨਾਂ ਸ਼ਰਤ ਪੱਕਾ ਨਾ ਕੀਤਾ ਤਾਂ ਜਥੇਬੰਦੀ 22 ਫਰਵਰੀ ਨੂੰ ਵਣ ਮੰਤਰੀ ਲਾਲ ਚੰਦ ਕਟਾਰੂਚੱਕ ਜੀ ਦੇ ਹਲਕਾ ਭੋਆ ਵਿਖੇ ਰੋਸ ਰੈਲੀ ਕਰੇਗੀ।

# ਪਿੰਡ ਲੱਖਪੁਰ ਵਿਖੇ ਸ਼ਰਧਾ ਨਾਲ ਮਨਾਇਆ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ




ਫਗਵਾੜਾ 12 ਫਰਵਰੀ ( ਸੁਸ਼ੀਲ ਸ਼ਰਮਾ ) 108 ਬ੍ਰਹਮ ਗਿਆਨੀ ਭਗਤ ਜਵਾਲਾ ਦਾਸ ਜੀ ਦੇ ਤੱਪ ਅਸਥਾਨ ਪਿੰਡ ਲੱਖਪੁਰ ਤਹਿਸੀਲ ਫਗਵਾੜਾ ਵਿਖੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਅੱਜ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿਚ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਜਸਵਿੰਦਰ ਸਿੰਘ ਤੇ ਕੁਲਦੀਪ ਸਿੰਘ ਪੁੱਤਰ ਬਲਦੇਵ ਸਿੰਘ, ਹਰਦੀਪ ਸਿੰਘ ਪੁੱਤਰ ਮੱਖਣ ਸਿੰਘ ਦੇ ਪਰਿਵਾਰਾਂ ਦੇ ਸਹਿਯੋਗ ਨਾਲ ਕਰਵਾਏ ਸਮਾਗਮ ਦੌਰਾਨ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਦੁਆਰਾ ਬੇਰੀ ਸਾਹਿਬ ਪਿੰਡ ਲੱਖਪੁਰ ਦੇ ਹੈੱਡ ਗ੍ਰੰਥੀ ਭਾਈ ਅਮਨਦੀਪ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਦੌਰਾਨ ਰਾਗੀ ਭਾਈ ਰੌਣਕ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਸਤਨਾਮ ਸਿੰਘ ਰਾਗੀ ਜੱਥਾ ਫਗਵਾੜੇ ਵਾਲਿਆਂ ਤੋਂ ਇਲਾਵਾ ਹਜੂਰੀ ਰਾਗੀ ਭਾਈ ਲਖਵਿੰਦਰ ਸਿੰਘ ਅਤੇ ਸਾਥੀਆਂ ਨੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਨੇ ਸਮੂਹ ਸੰਗਤ ਨੂੰ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਅਤੇ ਉਹਨਾਂ ਦੇ ਦਰਸਾਏ ਸਾਂਝੀਵਾਲਤਾ ਦੇ ਮਾਰਗ ਤੇ ਚੱਲਣ 'ਤੇ ਪ੍ਰੇਰਿਆ। ਚਾਹ ਪਕੌੜੇ ਅਤੇ ਲੰਗਰ ਦੀ ਸੇਵਾ ਸੇਵਾਦਾਰਾਂ ਵਲੋਂ ਅਤੁੱਟ ਵਰਤਾਈ ਗਈ। ਇਸ ਮੌਕੇ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ, ਸਰਪੰਚ ਗੁਰਮੀਤ ਸਿੰਘ ਗੋਗੀ, ਸਾਬਕਾ ਸਰਪੰਚ ਮਹਿੰਦਰ ਸਿੰਘ, ਮੋਹਨ ਸਿੰਘ, ਰੇਸ਼ਮ ਸਿੰਘ, ਬਲਵੀਰ ਸਿੰਘ, ਦਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਹਾਜਰ ਸਨ।

# ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ 648ਵੇਂ ਪ੍ਰਕਾਸ਼ ਪੁਰਬ ਮੌਕੇ ਸ਼ਿਵਪੁਰੀ ਵਿਖੇ ਲਗਾਇਆ ਖੀਰ ਦਾ ਲੰਗਰ

ਫਗਵਾੜਾ 12 ਫਰਵਰੀ ( ਸੁਸ਼ੀਲ ਸ਼ਰਮਾ ) ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਵੱਲੋਂ ਅੱਜ ਸਥਾਨਕ ਸ਼ਿਵਪੁਰੀ ਵਿਖੇ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 648ਵੇਂ ਪ੍ਰਕਾਸ਼ ਉਤਸਵ ਅਤੇ ਮਾਘ ਪੂਰਨਿਮਾ ਨੂੰ ਸਮਰਪਿਤ ਖੀਰ ਦਾ ਲੰਗਰ ਲਗਾਇਆ ਗਿਆ। ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਅਗਵਾਈ ਹੇਠ ਲਗਾਏ ਲੰਗਰ ਦੇ ਪ੍ਰੋਜੈਕਟ ਡਾਇਰੈਕਟਰ ਦਵਿੰਦਰ ਸਿੰਘ ਅਤੇ ਲਾਇਨ ਜਰਨੈਲ ਸਿੰਘ ਸਨ। ਲੰਗਰ ਵਰਤਾਉਣ ਦੀ ਅਰੰਭਤਾ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਵਲੋਂ ਕਰਵਾਈ ਗਈ। ਉਨ੍ਹਾਂ ਨੇ ਸਾਰਿਆਂ ਨੂੰ ਗੁਰੂ ਪੁਰਬ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਉਸ ਸਮੇਂ ਵਰਗਾਂ ਵਿੱਚ ਵੰਡੇ ਸਮਾਜ ਨੂੰ ਇੱਕ ਧਾਗੇ ਵਿੱਚ ਬੰਨ੍ਹਣ ਦਾ ਸੰਦੇਸ਼ ਦਿੰਦੀ ਹੈ। ਉਹਨਾਂ ਨੇ ਜਾਤ ਜਾਂ ਵਰਗ ਦੇ ਭੇਦਭਾਵ ਤੋਂ ਬਿਨਾਂ



ਸਾਰੇ ਮਨੁੱਖਾਂ ਲਈ ਬਰਾਬਰੀ ਦੇ ਅਧਿਕਾਰਾਂ ਦੀ ਗੱਲ ਕੀਤੀ। ਭਾਰਤ ਦਾ ਸੰਵਿਧਾਨ ਗੁਰੂ ਮਹਾਰਾਜ ਦੀ ਸੋਚ ਨੂੰ ਮੁੱਖ ਰੱਖ ਕੇ ਹੀ ਹਰੇਕ ਨਾਗਰਿਕ ਨੂੰ ਬਰਾਬਰਤਾ ਦਾ ਅਧਿਕਾਰ ਦਿੰਦਾ ਹੈ। ਇਸ ਲਈ ਸਾਨੂੰ ਸਮਾਜਿਕ ਪੱਧਰ 'ਤੇ ਆਪਸੀ ਏਕਤਾ ਅਤੇ ਭਾਈਚਾਰੇ ਦੀ ਮਜਬੂਤੀ ਲਈ ਕੰਮ ਕਰਨਾ ਚਾਹੀਦਾ ਹੈ। ਪ੍ਰੋਜੈਕਟ ਡਾਇਰੈਕਟਰ ਦਵਿੰਦਰ ਸਿੰਘ ਤੇ ਲਾਇਨ ਜਰਨੈਲ ਸਿੰਘ ਤੋਂ ਇਲਾਵਾ ਕਲੱਬ ਪ੍ਰਧਾਨ ਲਾਇਨ ਸੰਜੀਵ ਸੂਰੀ, ਮੀਤ ਪ੍ਰਧਾਨ ਲਾਇਨ ਸੁਮਿਤ ਭੰਡਾਰੀ ਅਤੇ ਕਲੱਬ ਸਕੱਤਰ ਲਾਇਨ ਦਿਨੇਸ਼ ਖਰਬੰਦਾ ਨੇ ਖੀਰ ਦਾ ਲੰਗਰ ਪ੍ਰੇਮ ਭਾਵਨਾ ਨਾਲ ਵਰਤਾਇਆ ਅਤੇ ਸਾਰਿਆਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ।

# ਪਿੰਡ ਮਲਕਪੁਰ ਵਿਖੇ ਮਨਾਇਆ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦਾ 648ਵਾਂ ਪ੍ਰਕਾਸ਼ ਉਤਸਵ



ਫਗਵਾੜਾ 12 ਫਰਵਰੀ ( ਸੁਸ਼ੀਲ ਸ਼ਰਮਾ ) ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸਭਾ ਮਲਕਪੁਰ ਤਹਿਸੀਲ ਫਗਵਾੜਾ ਵਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਧੰਨ ਧੰਨ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਉਤਸਵ ਮੌਕੇ ਦੋ ਰੋਜਾ ਧਾਰਮਿਕ ਸਮਾਗਮ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ। ਪਹਿਲੇ ਦਿਨ ਸਵੇਰੇ 10 ਵਜੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਅਤੇ ਦੂਸਰੇ ਦਿਨ ਅੱਜ ਬੁੱਧਵਾਰ ਨੂੰ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿਚ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਸਰਵਣ ਕਰਵਾਇਆ। ਪ੍ਰਬੰਧਕਾਂ ਨੇ ਸਮੂਹ ਸੰਗਤਾਂ ਨੂੰ ਪ੍ਰਕਾਸ਼ ਉਤਸਵ ਦੀ ਵਧਾਈ ਦਿੱਤੀ ਅਤੇ ਗੁਰੂ ਰਵਿਦਾਸ ਮਹਾਰਾਜ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਆ। ਚਾਹ ਪਕੌੜੇ ਅਤੇ ਗੁਰੂ ਘਰ ਕਾ ਲੰਗਰ ਸੇਵਾਦਾਰਾਂ ਵਲੋਂ ਅਤੁੱਟ ਵਰਤਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਗਿਆਨ ਨਿਕੇਤਨ ਪਬਲਿਕ ਸਕੂਲ ਵੱਲੋਂ ਵਿਸ਼ਾਲ ਸਲਾਨਾ ਸਮਾਗਮ ਬੜੇ ਉਤਸ਼ਾਹ ਅਤੇ ਧੂਮ-ਧਾਮ ਨਾਲ ਕਰਵਾਇਆ ਗਿਆ।




ਲੁਧਿਆਣਾ:-(ਸੁਖਚੈਨ ਮਹਿਰਾ) ਢੰਡਾਰੀ ਖੁਰਦ ਸਥਿਤ *ਗਿਆਨ ਨਿਕੇਤਨ ਪਬਲਿਕ ਸਕੂਲ* ਵਿਖੇ *ਵਿਜੇ ਭਾਵ* ਵਿਸ਼ੇ ਤੇ *ਸਕੂਲ ਦੇ ਡਾਇਰੈਕਟਰ ਸ਼੍ਰੀ ਰਾਕੇਸ਼ ਕੁਮਾਰ ਸਿੰਘ ਅਤੇ ਪ੍ਰਿੰਸੀਪਲ ਡਾ: ਦੀਪੂ ਕੁਮਾਰ ਸਿੰਘ* ਦੀ ਪ੍ਰਧਾਨਗੀ ਹੇਠ ਬਹੁਤ ਹੀ ਧੂਮਧਾਮ ਨਾਲ ਸਾਲਾਨਾ ਸਮਾਗਮ ਕਰਵਾਇਆ ਗਿਆ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਮੇਅਰ ਪ੍ਰਿੰਸਿਪਲ ਮੈਡਮ ਇੰਦਰਜੀਤ ਕੌਰ, ਕੌਂਸਲਰ ਸ੍ਰੀ ਪਿੰਕੀ ਬੋਪਾਰਾਏ, ਰਸੂਲਪੁਰ ਦੇ ਸਰਪੰਚ ਅਤੇ ਸਾਬਕਾ ਟਰੈਫਿਕ ਪੀਸੀਆਰ ਇੰਚਾਰਜ ਸ੍ਰੀ ਸੌਦਾਗਰ ਅਲੀ, ਸੀਟੀ ਯੂਨੀਵਰਸਿਟੀ ਦੇ ਡਾਇਰੈਕਟਰ ਅਮਨ ਦੀਪ ਤਾਂਗੜੀ, ਐਸਬੀਐਸ ਕਾਲਜ ਦੀ ਚੇਅਰਪਰਸਨ ਮੈਡਮ ਗ਼ਜ਼ਲਾ ਕਾਦਰੀ, ਆਈਕਨ ਆਫ ਏਸ਼ੀਆ ਅਵਾਰਡੀ ਕੰਪੀਨ ਜਿਊਰਟੀਨ ਜਿਊਤ ਸਿੰਘ ਭੌਰੀ, ਐਸ.ਕੇ . ਖੰਨਾ ਅਤੇ ਹੋਰ ਕਈ ਪਤਵੰਤੇ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਏ।

*ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਦਾ ਸਨਮਾਨ ਕਰਨਾ ਸੀ, ਜਿਸ ਵਿੱਚ ਲੁਧਿਆਣਾ ਦੇ ਮੇਅਰ ਨੇ ਗਿਆਨ ਨਿਕੇਤਨ ਸਕੂਲ ਦੇ ਨਾਲ-ਨਾਲ ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਗਿਆਨ ਨਿਕੇਤਨ ਸਕੂਲ ਵਰਗੀਆਂ ਸੰਸਥਾਵਾਂ ਲੁਧਿਆਣਾ ਨੂੰ ਸਮਾਰਟ ਸਿਟੀ ਬਣਾਉਣ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ ਅਤੇ ਸਕੂਲ ਵੱਲੋਂ ਸਮੇਂ-ਸਮੇਂ ਤੇ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਲੋਕਾਂ ਵਿੱਚ ਸਫ਼ਾਈ ਅਤੇ ਸੁੰਦਰਤਾ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿੱਚ ਸਹਾਈ ਹੁੰਦੀਆਂ ਹਨ।

**ਸਿਟੀ ਯੂਨੀਵਰਸਿਟੀ ਦੇ ਡਾਇਰੈਕਟਰ ਅਮਨਦੀਪ ਤਾਂਗੜੀ ਨੇ ਵੀ ਬੱਚਿਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਸਕੂਲ ਦੇ ਬੱਚਿਆਂ ਨੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਰਸੂਲਪੁਰ ਦੇ ਸਰਪੰਚ ਸ਼੍ਰੀ ਸੌਦਾਗਰ ਅਲੀ ਜੀ ਨੇ ਬੱਚਿਆਂ ਲਈ ਇੱਕ ਪ੍ਰੇਰਣਾਦਾਇਕ ਕਵਿਤਾ ਸੁਣਾਈ, ਜਿਸ ਨੇ ਬੱਚਿਆਂ ਨੂੰ ਪ੍ਰੇਰਿਤ ਕੀਤਾ।

*ਸਕੂਲ ਦੇ ਪ੍ਰਿੰਸੀਪਲ ਡਾ: ਦੀਪੂ ਕੁਮਾਰ ਸਿੰਘ ਨੇ ਕਿਹਾ ਕਿ ਸਕੂਲ ਦੇ ਬਹੁਤ ਸਾਰੇ ਬੱਚੇ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਸ਼ਹਿਰ ਦਾ ਨਾਂ ਰੌਸ਼ਨ ਕਰ ਰਹੇ ਹਨ। ਸਕੂਲ ਵਿੱਚ ਸਮੇਂ-ਸਮੇਂ ਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਜੋ ਬੱਚਿਆਂ ਦੇ ਮਾਨਸਿਕ ਅਤੇ ਬੌਧਿਕ ਵਿਕਾਸ ਵਿੱਚ ਸਹਾਈ ਹੁੰਦੀਆਂ ਹਨ।

ਸਕੂਲ ਦੇ ਡਾਇਰੈਕਟਰ ਸ਼੍ਰੀ ਰਾਕੇਸ਼ ਕੁਮਾਰ ਸਿੰਘ ਨੇ ਮੁੱਖ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਯਾਦਗਾਰੀ ਚਿੰਨ੍ਹ ਭੇਟ ਕੀਤੇ।

ਇਸ ਮੌਕੇ ਸਕੂਲ ਦੇ ਡਾਇਰੈਕਟਰ ਸ਼੍ਰੀ ਰਾਕੇਸ਼ ਕੁਮਾਰ ਸਿੰਘ, ਪ੍ਰਿੰਸੀਪਲ ਡਾ: ਦੀਪੂ ਕੁਮਾਰ ਸਿੰਘ, ਮੈਨੇਜਰ ਸ਼੍ਰੀਮਤੀ ਊਸ਼ਾ ਦੇਵੀ, ਮੈਡਮ ਦੀਪਤੀ ਸਿੰਘ, ਅਧਿਆਪਕ ਸ਼੍ਰੀ ਬਲਰਾਮ ਕੁਮਾਰ, ਸ਼੍ਰੀ ਸੁਖਵਿੰਦਰ ਸਿੰਘ, ਮੈਡਮ ਅੰਜੂ ਦੇਵੀ, ਮੈਡਮ ਰਿੰਕੀ ਕੁਮਾਰੀ, ਸ਼੍ਰੀ ਸੂਰਜ ਭਾਟੀਆ, ਮੈਡਮ ਸੋਨੀਆ ਪਾਠਕ, ਪ੍ਰਵੀਨ ਸਿੰਘ, ਮੈਡਮ ਸੁਖਬਾਜ ਕੁਮਾਰ, ਮੈਡਮ ਸੁਖਬਿੰਦਰ ਸਿੰਘ, ਡਾ. ਮੈਡਮ ਰੇਖਾ ਵਰਮਾ, ਮੈਡਮ ਇਸ ਸਮਾਗਮ ਵਿੱਚ ਉਰਵਸ਼ੀ, ਮੈਡਮ ਕੁਸੁਮ ਦੇਵੀ, ਮੈਡਮ ਰਾਣੀ ਕੁਮਾਰੀ ਮੈਡਮ ਆਰਤੀ, ਮੈਡਮ ਜੋਤੀ, ਮੈਡਮ ਸੰਜਨਾ ਕੁਮਾਰੀ, ਮੈਡਮ ਸ਼ਿਵਾਨੀ ਕੁਮਾਰੀ, ਪ੍ਰਿੰਸ ਪਾਂਡੇ, ਮੈਡਮ ਸੁਸ਼ਮਾ ਦੇਵੀ, ਅਜੇ ਕੁਮਾਰ, ਸਮੁੱਚਾ ਸਕੂਲ ਸਟਾਫ਼, ਪ੍ਰਬੰਧਕ ਕਮੇਟੀ ਅਤੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ।

# ਹਰਜੀ ਮਾਨ ਨੇ ਸੰਧੂ ਨਗਰ ਵਿਖੇ ਪੀਣ ਵਾਲੇ ਪਾਣੀ ਦੀ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਹਿਰ ਦੇ ਮੁਹੱਲਾ ਸੰਧੂ ਨਗਰ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਹੱਲ ਕਰਦੇ ਹੋਏ 3.25 ਕਰੋੜ ਦੀ ਲਾਗਤ ਨਾਲ 5 ਕਿਲੋਮੀਟਰ ਲੰਮੇ ਪੀਣ ਵਾਲੇ ਪਾਣੀ ਦੀ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਹਰਜੀ ਮਾਨ, ਨਗਰ ਨਿਗਮ ਫਗਵਾੜਾ ਦੇ ਮੇਅਰ ਰਾਮਪਾਲ ਉੱਪਲ ਅਤੇ ਡਿਪਟੀ ਮੇਅਰ ਵਿੱਕੀ ਸੂਦ ਨੇ ਸਾਂਝੇ ਤੌਰ ਤੇ ਕਰਵਾਈ। ਹਰਜੀ ਮਾਨ ਨੇ ਦੱਸਿਆ ਕਿ ਫਗਵਾੜਾ ਦੇ ਲੋਕਾਂ ਨੂੰ 100 ਫੀਸਦੀ ਪੀਣ ਵਾਲਾ ਪਾਣੀ ਮੁਹਈਆ ਕਰਾਉਣ ਲਈ ਜੰਗੀ ਪੱਧਰ ਤੇ ਕੰਮ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅਧੂਰੇ ਰਹਿੰਦੇ ਸਾਰੇ ਵਿਕਾਸ ਕਾਰਜਾਂ ਨੂੰ ਲੀਹਾਂ ਤੇ ਲਿਆਉਣ ਲਈ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਸੂਬੇ ਦੀ ਭਗਵੰਤ ਮਾਨ ਸਰਕਾਰ ਵਚਨਬੱਧ ਹੈ। ਮੇਅਰ ਰਾਮਪਾਲ ਉੱਪਲ ਨੇ ਦੱਸਿਆ ਕਿ ਫਗਵਾੜਾ ਹਲਕੇ ਦੇ ਮੁਹੱਲਾ ਸੰਧੂ ਨਗਰ ਵਿਖੇ ਪੀਣ ਵਾਲੇ ਪਾਣੀ ਦੀ ਵੱਡੀ ਸਮੱਸਿਆ ਸੀ ਪਰ ਹੁਣ ਬਹੁਤ ਜਲਦੀ ਪਾਈਪ ਲਾਈਨ ਵਿਛਾਉਣ ਦਾ ਕੰਮ ਪੂਰਾ ਕਰ ਲਿਆ ਜਾਵੇਗਾ। ਜਿਸ ਨਾਲ ਖੇਤਰ ਦੇ ਲੋਕਾਂ ਦੀ ਇਹ ਵੱਡੀ ਸਮੱਸਿਆ ਦੂਰ ਹੋ ਜਾਵੇਗੀ। ਉਹਨਾਂ ਭਰੋਸਾ ਦਿੱਤਾ ਕਿ ਸਾਰੇ ਹੀ ਵਾਰਡਾਂ ਵਿਚ ਵਿਕਾਸ ਦੇ ਕੰਮ ਮੈਰਿਟ ਦੇ ਅਧਾਰ ਤੇ ਕਰਵਾਏ ਜਾਣਗੇ। ਇਸ ਮੌਕੇ ਗੁਰਦੀਪ ਸਿੰਘ ਦੀਪਾ, ਕ੍ਰਿਸ਼ਨ ਕੁਮਾਰ ਹੀਰੋ, ਕੌਂਸਲਰ ਪ੍ਰਿਤਪਾਲ ਕੌਰ ਤੁਲੀ, ਕੌਂਸਲਰ ਜਸਦੇਵ ਪ੍ਰਿੰਸ, ਕੌਂਸਲਰ ਰਵੀ ਸਿੱਧੂ, ਕੌਂਸਲਰ ਵਿਜੇ ਬਸੰਤ ਨਗਰ, ਕੌਂਸਲਰ ਅੰਕੁਸ਼ ਓਹਰੀ, ਕੌਂਸਲਰ ਅਰਜੁਨ ਸੁਧੀਰ ਤੇ ਪ੍ਰਦੀਪ ਚੱਟਾਨੀ ਐਸ.ਡੀ.ਓ. ਸੀਵਰੇਜ ਬੋਰਡ ਆਦਿ ਹਾਜਰ ਸਨ।

# ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਵਿਖੇ ਬੜੀ ਧੂਮਧਾਮ ਤੇ ਸ਼ਰਧਾ ਪੂਰਵਕ ਮਨਾਇਆ ਗਿਆ

ਫ਼ਗਵਾੜਾ (ਸੁਸ਼ੀਲ ਸ਼ਰਮਾ) ਅਨੋਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਤਰਨ ਤਾਰਨ ਰੋਡ ਦੇ ਪਿੰਡ ਚੱਬਾ ਵਿਖੇ ਸਥਿਤ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਵਿਖੇ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਦੀ ਅਗਵਾਈ ਵਿੱਚ ਬੜੀ ਸ਼ਰਧਾ, ਧੂਮਧਾਮ ਅਤੇ ਖ਼ਾਲਸਾਈ ਚੜ੍ਹਦੀਕਲਾ ਦੇ ਵਿਚ ਮਨਾਇਆ ਗਿਆ। ਇਸ ਮੌਕੇ ਸਿੰਘ ਸਾਹਿਬਾਨ,ਤਖ਼ਤ ਸ੍ਰੀ ਕੇਸਗੜ੍ਹ ਦੇ ਜਥੇਦਾਰ,ਮਿਸਲ ਸ਼ਹੀਦਾਂ ਤਰਨਾ ਦਲ, ਨਿਹੰਗ ਸਿੰਘ ਜਥੇਬੰਦੀਆਂ,ਦਮਦਮੀ ਟਕਸਾਲ,ਸ਼੍ਰੋਮਣੀ ਕਮੇਟੀ ਅਤੇ ਭਾਰੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਅਤੇ ਸਮੂਹ ਸ਼ਹੀਦਾਂ ਮੁਰੀਦਾਂ ਨੂੰ ਸਿੱਜਦਾ ਕੀਤਾ।

ਤਖ਼ਤ ਸ੍ਰੀ ਕੇਸਗੜ੍ਹ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਸਾਰ ਅਤੇ ਸਿੱਖ ਇਤਿਹਾਸ ਵਿੱਚ ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਭੂਮਿਕਾ ਅਤੇ ਯੋਗਦਾਨ ਤੇ ਰੌਸ਼ਨੀ ਪਾਈ ਅਤੇ ਕਿਹਾ ਕਿ ਸੀਸ ਤਲੀ ਉੱਤੇ ਰੱਖ ਕੇ ਜ਼ਾਲਮਾਂ ਦੇ ਛੱਕੇ ਛੁਡਾਉਣ ਦਾ ਮਹਾਨ ਕਾਰਜ ਕੇਵਲ ਬਾਬਾ ਦੀਪ ਸਿੰਘ ਜੀ ਦੇ ਹਿੱਸੇ ਆਇਆ। ਉਨ੍ਹਾਂ ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵੱਲੋਂ ਸ਼ਹੀਦੀ ਅਸਥਾਨ 'ਤੇ ਚੱਲ ਰਹੀਆਂ ਸੇਵਾਵਾਂ ਅਤੇ ਪੰਥ ਦੀ ਚੜ੍ਹਦੀਕਲਾ ਲਈ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖੀ 'ਚ ਸਭ ਦਾ ਸਤਿਕਾਰ ਹੈ, ਪਰ ਸਿੱਖੀ ਸਿਧਾਂਤਾਂ ਨਾਲ ਖਿਲਵਾੜ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅਗਲੇ ਮਹੀਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਏ ਜਾ ਰਹੇ ਹੋਲੇ ਮਹੱਲੇ 'ਤੇ ਆਉਣ ਵਾਲੇ ਨੌਜਵਾਨਾਂ ਨੂੰ ਹੁੱਲੜਬਾਜ਼ੀ ਅਤੇ ਟਰੈਕਟਰ ਮੋਟਰਸਾਈਕਲ ਸਟੰਟ ਤੋਂ ਬਚਣ ਅਤੇ ਬਾਣੀ ਤੇ ਬਾਣੇ ਨਾਲ ਜੁੜਨ ਕੇ ਕੌਮੀ ਸਰੋਕਾਰਾਂ ਪ੍ਰਤੀ ਜਾਗਰੂਕ ਹੋਣ ਲਈ ਕਿਹਾ।

ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਗਿਆਨੀ ਅਮਰਜੀਤ ਸਿੰਘ ਅਤੇ ਗਿਆਨੀ ਕੇਵਲ ਸਿੰਘ ਨੇ ਨੌਜਵਾਨਾਂ ਨੂੰ ਅੰਮ੍ਰਿਤ ਛਕਣ ਤੇ ਨਾਮ ਜਪਣ 'ਤੇ ਜ਼ੋਰ ਦਿੱਤਾ।

ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਜੋਗਾ ਸਿੰਘ ਨੇ ਸਿੱਖੀ ਸਿਧਾਂਤਾਂ ਉੱਤੇ ਸਿੱਧੇ ਅਸਿੱਧੇ ਤੌਰ ਤੇ ਮਾਰੀਆਂ ਜਾ ਰਹੀਆਂ ਸੱਟਾਂ ਬਾਰੇ ਸੁਚੇਤ ਕਰਦਿਆਂ ਸਮੁੱਚੀ ਕੌਮ ਨੂੰ ਇੱਕਜੁੱਟ ਹੋਣ ਦਾ ਹੋਕਾ ਦਿੱਤਾ ਤੇ ਕਿਹਾ ਕਿ ਅੱਜ ਪੰਥ ਦੋਖੀਆਂ ਦੇ ਲੁਕਵੇਂ ਏਜੰਡੇ ਪ੍ਰਤੀ ਕੌਮ ਨਾ ਜਾਗਿਆ ਤਾਂ ਭਵਿੱਖ ਵਿਚ ਵੱਡਾ ਨੁਕਸਾਨ ਹੋ ਸਕਦਾ ਹੈ।

ਦਲ ਪੰਥ ਬਾਬਾ ਬਿਧੀ ਚੰਦ ਦੇ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਨੇ ਬਾਬਾ ਦੀਪ ਸਿੰਘ ਵੱਲੋਂ ਪੰਥ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਅਤੇ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰਤਾ ਲਈ ਸੀਸ ਧੜ ਨਾਲੋਂ ਜੁਦਾ ਹੋਣ 'ਤੇ ਵੀ ਤਲੀ 'ਤੇ ਰੱਖ ਕੇ ਗੁਰੂ ਨਾਲ ਕੀਤੇ ਪ੍ਰਣ ਨਿਭਾਉਣ ਦੀ ਗਲ ਕੀਤੀ। ਬੀਬੀ ਕੌਲਾਂ ਜੀ ਭਲਾਈ ਕੇਂਦਰ ਦੇ ਮੁਖੀ ਭਾਈ ਗੁਰਇਕਬਾਲ ਸਿੰਘ ਨੇ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਮੌਕੇ ਸ਼ਹੀਦੀ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਨੇ ਆਈਆਂ ਸੰਗਤਾਂ ਅਤੇ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ ਅਤੇ ਜਥੇਬੰਦੀਆਂ ਦੇ ਆਗੂਆਂ ਨੂੰ ਸਿਰੋਪਾਉ ਨਾਲ ਸਨਮਾਨਿਤ ਕੀਤਾ। ਉਹਨਾਂ ਦੱਸਿਆ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਪੰਜ ਪਿਆਰਿਆਂ ਤੋਂ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ ਹਨ। ਭਾਈ ਸੂਰਤਾ ਸਿੰਘ ਨੇ ਸਟੇਜ ਸੈਕਟਰੀ ਵਜੋਂ ਬਾਖ਼ੂਬੀ ਸੇਵਾ ਨਿਭਾਈ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਟਕਸਾਲ ਦੇ ਮੁੱਖ ਬੁਲਾਰੇ ਭਾਈ ਸੁਖਦੇਵ ਸਿੰਘ, ਸੰਤ ਅਮਨਦੀਪ ਸਿੰਘ ਮੁਖੀ ਟਕਸਾਲ ਭਾਈ ਮਨੀ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਭਾਈ ਬਲਬੀਰ ਸਿੰਘ ਫਰਾਸ, ਗਿਆਨੀ ਪ੍ਰੇਮ ਸਿੰਘ ਅਰਦਾਸੀਆ, ਭਾਈ ਕਸ਼ਮੀਰ ਸਿੰਘ ਪ੍ਰਧਾਨ ਟਾਹਲਾ ਸਾਹਿਬ, ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ, ਅਟਾਰੀ ਦੇ ਵਿਧਾਇਕ ਜਸਵਿੰਦਰ ਸਿੰਘ,ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਹਰਵਿੰਦਰ ਸਿੰਘ ਝਾੜ



ਸਾਹਿਬ, ਹਰਭਜਨ ਸਿੰਘ ਈ ਟੀ ਉ, ਸੰਤ ਬਾਬਾ ਗੁਰਦੇਵ ਸਿੰਘ ਕੁਲੀ ਵਾਲੇ, ਕਥਾਵਾਚਕ ਗਿਆਨੀ ਗੁਰਵਿੰਦਰ ਸਿੰਘ, ਸੰਤ ਇੰਦਰਬੀਰ ਸਿੰਘ ਸਤਲਾਨੀ ਸਾਹਿਬ, ਸੰਤ ਮੋਹਨ ਦਾਸ ਮਾੜੀਕੰਮੋਕੇ, ਬਾਬਾ ਰਜਿੰਦਰਪਾਲ ਸਿੰਘ ਮਾਲੂਵਾਲ, ਬਾਬਾ ਗੁਰਵਿੰਦਰ ਸਿੰਘ ਝੂਲਦੇ ਮਹਿਲ, ਭਾਈ ਵਰਿਆਮ ਸਿੰਘ ਭਰਾਤਾ ਭਾਈ ਸ਼ਹੀਦ ਭਾਈ ਸਤਵੰਤ ਸਿੰਘ,ਬਾਬਾ ਬਾਊ ਸਿੰਘ, ਬਾਬਾ ਬੁੱਧ ਸਿੰਘ ਘੁੰਮਣਾ ਵਾਲੇ, ਰਾਮ ਸਿੰਘ ਸਰਪੰਚ ਗੁਰੂਵਾਲੀ, ਗਿਆਨੀ ਵਿਸ਼ਾਲ ਸਿੰਘ ਕਥਾਵਾਚਕ, ਜਥੇਦਾਰ ਜਗੀਰ ਸਿੰਘ, ਭਾਈ ਸੁਰਿੰਦਰ ਪਾਲ ਸਿੰਘ, ਕਿਸਾਨ ਆਗੂ ਦਵਿੰਦਰ ਸਿੰਘ, ਕਿਸ਼ਨ ਸਿੰਘ, ਬਾਬਾ ਨੰਦ ਸਿੰਘ ਮੰਡਾ ਪਿੰਡ, ਸੰਤ ਪ੍ਰੀਤਮ ਸਿੰਘ ਡਮੇਲੀ ਵਾਲੇ, ਢਾਡੀ ਭਾਈ ਮੇਜਰ ਸਿੰਘ ਖ਼ਾਲਸਾ, ਗਿਆਨੀ ਹੀਰਾ ਸਿੰਘ, ਭਾਈ ਹਰਵਿੰਦਰ ਪਾਲ ਸਿੰਘ ਲਿਟਲ, ਭਾਈ ਜਸਕਰਨ ਸਿੰਘ ਹਜ਼ੂਰੀ ਰਾਗੀ, ਜਸਵੰਤ ਸਿੰਘ ਸੋਢੀ ਆਸਲਾਂ ਵਾਲੇ,ਨਿਰਮਲ ਸਿੰਘ, ਦਿਲਬਾਗ ਸਿੰਘ, ਸੰਤ ਪ੍ਰਿਤਪਾਲ ਸਿੰਘ, ਪ੍ਰੋ. ਸਰਚਾਂਦ ਸਿੰਘ ਖਿਆਲਾ, ਸ਼ਮਸ਼ੇਰ ਸਿੰਘ, ਮੈਨੇਜਰ ਰਣਦੀਪ ਸਿੰਘ ਟਾਹਲਾ ਸਾਹਿਬ, ਗਿਆਨੀ ਮਨਜੀਤ ਸਿੰਘ, ਮਹੰਤ ਭਾਈ ਅਮਰਦੀਪ ਸਿੰਘ ਆਦਿ ਮੌਜੂਦ ਸਨ।

# ਨੈਸ਼ਨਲ ਖੇਡਾਂ 2025 ਪੰਜਾਬ ਜੂਡੋ ਟੀਮ ਦੇਹਰਾਦੂਨ ਉਤਰਾਖੰਡ ਲਈ ਰਵਾਨਾ

ਗੁਰਦਾਸਪੁਰ -ਨਵਨੀਤ ਕੁਮਾਰ -
27 ਜਨਵਰੀ ਤੋਂ ਉਤਰਾਖੰਡ ਵਿਖੇ ਚੱਲ ਰਹੀਆਂ ਨੈਸ਼ਨਲ ਗੇਮਸ ਦੇ ਆਖਰੀ ਪੜਾਅ ਵਿੱਚ ਜੂਡੋ ਮੁਕਾਬਲੇ 10 ਫਰਵਰੀ ਤੋਂ 13 ਫਰਵਰੀ ਤੱਕ ਹੋ ਰਹੇ ਹਨ। ਜਿਸ ਵਿੱਚ 10 ਲੜਕੇ ਅਤੇ 5 ਲੜਕੀਆਂ ਭਾਗ ਲੈ ਰਹੀਆਂ ਹਨ। ਇਸ ਟੀਮ ਦੇ ਐ ਗੁਰਦਾਸਪੁਰ ਦੇ ਸਤੀਸ਼ ਕੁਮਾਰ ਟੈਕਨੀਕਲ ਚੇਅਰਮੈਨ, ਅਤੇ ਰਵੀ ਕੁਮਾਰ ਜੂਡੋ ਕੋਚ ਗੁਰਦਾਸਪੁਰ ਹਨ।ਟੀਮ ਦੇ ਕੋਚ ਅੰਤਰਰਾਸ਼ਟਰੀ ਜੂਡੋ ਖਿਡਾਰੀ ਨਵਜੋਤ ਸਿੰਘ ਚਾਨਾ ਹੁਸ਼ਿਆਰਪੁਰ, ਅਤੇ ਸੁਮਿਤ ਠਾਕੁਰ ਓਲੰਪੀਅਨ ਕੋਚ ਹੋਣਗੇ।ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਦੇ ਸੰਚਾਲਕ ਅਮਰਜੀਤ ਸ਼ਾਸਤਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਵੱਡੇ ਮਾਣ ਵਾਲੀ ਗੱਲ ਹੈ ਕਿ ਇਸ ਟੀਮ ਵਿਚ ਗੁਰਦਾਸਪੁਰ ਦੇ ਪਿਛੋਕੜ ਵਾਲੇ ਵੱਡੀ ਗਿਣਤੀ ਵਿੱਚ ਭਾਗ ਲੈ ਰਹੇ ਹਨ। ਜਿਹਨਾਂ ਵਿਚ ਕਰਨਜੀਤ ਸਿੰਘ ਮਾਨ, ਰਾਕੇਸ਼ ਗਿੱਲ, ਸਾਗਰ ਸ਼ਰਮਾ, ਮਨਪ੍ਰੀਤ ਸਿੰਘ, ਰਣਜੀਤਾ ਸ਼ਾਮਲ ਹਨ। ਇਹਨਾਂ ਖਿਡਾਰੀਆਂ ਦੀ ਚੋਣ ਸੀਨੀਅਰ ਨੈਸ਼ਨਲ ਜੂਡੋ ਚੈਂਪੀਅਨਸ਼ਿਪ ਦਿੱਲੀ ਵਿਚ ਪਹਿਲੇ 16 ਖਿਡਾਰੀਆਂ ਦੇ ਕਰਕੇ ਹੋਈ ਹੈ। ਪੰਜਾਬ ਜੂਡੋ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਰਿੰਦਰ ਕੁਮਾਰ, ਸੀਨੀਅਰ ਮੀਤ ਪ੍ਰਧਾਨ ਵਰਿੰਦਰ ਸਿੰਘ ਸੰਧੂ, ਡੀ ਐਸ ਪੀ ਰਾਜ ਕੁਮਾਰ ਸ਼ਰਮਾ, ਡੀ ਐਸ ਪੀ ਕਪਿਲ ਕੌਂਸਲ ਸ਼ਰਮਾ, ਮੈਡਮ



ਬਲਵਿੰਦਰ ਕੌਰ ਜਰਨਲ ਸਕੱਤਰ ਗੁਰਦਾਸਪੁਰ ਜੂਡੋ ਐਸੋਸੀਏਸ਼ਨ, ਇੰਸਪੈਕਟਰ ਜਤਿੰਦਰ ਪਾਲ ਸਿੰਘ, ਸਾਹਿਲ ਪਠਾਣੀਆਂ, ਮਿਤ੍ਰ ਬਾਸੂ ਸ਼ਰਮਾ, ਅਮਰਜੀਤ ਸਿੰਘ ਮਨੀ, ਡਾਕਟਰ ਰਵਿੰਦਰ ਸਿੰਘ, ਏ ਡੀ ਓ ਹਰਦੀਪ ਕੁਮਾਰ, ਗਗਨਦੀਪ ਸਿੰਘ, ਦਿਨੇਸ਼ ਕੁਮਾਰ, ਅਤੁਲ ਕੁਮਾਰ ਨੇ ਆਸ ਪ੍ਰਗਟਾਈ ਹੈ ਕਿ ਪੰਜਾਬ ਦੀ ਜੂਡੋ ਟੀਮ ਮੈਡਲ ਜਿੱਤ ਕੇ ਸੂਬੇ ਦਾ ਨਾਮ ਰੌਸ਼ਨ ਕਰੇਗੀ।

# ਚੱਕ ਹਕੀਮ ਮੰਦਿਰ ਵਿਖੇ ਰਿਲੀਜ਼ ਕੀਤਾ ਸ਼੍ਰੀ ਗੁਰੂ ਰਵਿਦਾਸ ਦਰਪਣ ਦਾ 22ਵਾਂ ਅੰਕ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਉਤਸਵ ਸਬੰਧੀ ਸੋਵੀਨਰ ਸ਼੍ਰੀ ਗੁਰੂ ਰਵਿਦਾਸ ਦਰਪਣ ਦਾ 22ਵਾਂ ਅੰਕ ਅੱਜ ਸ਼੍ਰੋਮਣੀ ਸ਼੍ਰੀ ਗੁਰੂ ਰਵਿਦਾਸ ਮੰਦਿਰ ਚੱਕ ਹਕੀਮ ਵਿੱਚ ਕਰਵਾਏ ਪ੍ਰਕਾਸ਼ ਉਤਸਵ ਸਮਾਗਮ ਰੀਲਿਜ਼ ਕੀਤਾ ਗਿਆ। ਮੁੱਖ ਸੰਪਾਦਕ ਜਗਜੀਤ ਸਿੰਘ ਚਾਨਾ ਨੇ ਦੱਸਿਆ ਕਿ ਇਸ ਸੋਵੀਨਰ ਦਾ ਮੁੱਖ ਮਕਸਦ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੇ ਜੀਵਨ ਫਲਸਫੇ ਨੂੰ ਸੰਗਤਾਂ ਤੱਕ ਪਹੁੰਚਾਉਣਾ ਹੈ ਇਸ ਵਿੱਚ ਵਿੱਚ ਗੁਰੂ ਰਵਿਦਾਸ ਬਾਣੀ ਦੇ ਚੋਣਵੇ ਚਿੰਤਕਾਂ ਅਤੇ ਬੁੱਧੀਜੀਵੀਆਂ ਲਿਖਾਰੀਆਂ ਦੇ ਲੇਖ ਸ਼ਾਮਿਲ ਹਨ।

ਲੋਕ ਬਾਣੀ

ਦੱਸਣ ਯੋਗ ਹੈ ਕਿ ਇਹ ਸੋਵੀਨਰ 2004 ਤੋਂ ਹਰ ਸਾਲ ਬਿਨਾਂ ਭੇਟਾ ਸੰਗਤਾਂ ਵਿੱਚ ਵੰਡਿਆ ਜਾਂਦਾ ਹੈ। ਇਸ ਮੌਕੇ ਸ਼੍ਰੋਮਣੀ ਸ਼੍ਰੀ ਗੁਰੂ ਰਵਿਦਾਸ ਮੰਦਿਰ ਪ੍ਰਬੰਧਕ ਕਮੇਟੀ (ਰਜ਼ਿ) ਦੇ ਅਹੁਦੇਦਾਰਾਂ ਨੇ ਇਸ ਉੱਦਮ ਦੀ ਸਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਦਾ ਪ੍ਰਸਾਰ ਹੋਵੇਗਾ। ਰੀਲਿਜ਼ ਸਮਾਗਮ ਮੌਕੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ, ਪ੍ਰਬੰਧਕ ਕਮੇਟੀ ਪ੍ਰਧਾਨ ਦਵਿੰਦਰ ਕੁਲਥਮ, ਸਕੱਤਰ ਅਸ਼ੋਕ ਭਾਟੀਆ, ਬਲਦੇਵ ਕੋਮਲ, ਮੁੱਖ ਸੰਪਾਦਕ ਜਗਜੀਤ ਸਿੰਘ ਚਾਨਾ, ਪ੍ਰਵੀਨ ਬੰਗਾ, ਪ੍ਰਿੰਸੀਪਲ ਸੁਰਿੰਦਰ ਪਾਲ, ਪ੍ਰਿੰਸੀਪਲ ਸਤਪਾਲ ਸੋਢੀ, ਹੰਸਰਾਜ ਬੰਗੜ, ਹਰਭਜਨ ਲਾਲ, ਬਲਵੀਰ ਸਿੰਘ, ਲਲਿਤ ਸਕਲਾਨੀ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ, ਸਲਾਹਕਾਰ ਸਲਵਿੰਦਰ ਜੱਸੀ, ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ, ਸੀਟੂ ਬਾਈ, ਯਸ਼ ਬਰਨਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਨੈਸ਼ਨਲ ਖੇਡਾਂ 2025 ਪੰਜਾਬ ਜੂਡੋ ਟੀਮ ਦੇਹਰਾਦੂਨ ਉਤਰਾਖੰਡ ਲਈ ਰਵਾਨਾ




ਫ਼ਗਵਾੜਾ (ਸੁਸ਼ੀਲ ਸ਼ਰਮਾ) ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾਈ ਮੀਟਿੰਗ ਸੂਬਾ ਸੀਨੀਅਰ ਮੀਤ ਪ੍ਰਧਾਨ ਕਮਲੇਸ਼ ਕੌਰ ਰੋਪੜ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਚਲਾਈ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਵਲੋਂ ਲਗਾਤਾਰ ਸੰਘਰਸ਼ ਕਰਨ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋਂ ਮਿੱਡ-ਡੇ-ਮੀਲ ਵਰਕਰਾਂ ਦੀ ਮੰਗਾਂ ਦਾ ਨਿਪਟਾਰਾ ਕਰਨ ਲਈ ਗੰਭੀਰਤਾ ਨਾ ਦਿਖਾਉਣ ਸੰਬੰਧੀ ਮਿੱਡ -ਡੇ-ਮੀਲ ਵਰਕਰਾਂ ਵਿੱਚ ਗੁੱਸਾ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸ.ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਨੇ ਤਿੰਨ ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਕੀਤੇ ਗਏ ਚੋਣ ਵਾਅਦੇ ਅਨੁਸਾਰਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਨਹੀਂ ਕੀਤਾ। ਇਹਨਾਂ ਵਰਕਰਾਂ ਨੂੰ ਰੈਗੂਲਰ ਕਰਨ ਤੋਂ ਵੀ ਪਾਸਾ ਵੱਟਿਆ ਜਾ ਰਿਹਾ ਹੈ। ਸਗੋਂ ਖਾਣਾ ਬਣਾਉਣ ਤੋਂ ਇਲਾਵਾ ਹੋਰ ਵਾਧੂ ਕੰਮ ਵੀ ਜਬਰੀ ਲਏ ਜਾ ਰਹੇ ਹਨ। ਇਸ ਲਈ ਮਿੱਡ ਡੇ ਮੀਲ ਵਰਕਰਾ ਅੰਦਰ ਰੋਸ ਪਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਅਗਲੇ ਸੰਘਰਸ਼ ਦੀ ਤਿਆਰੀ ਲਈ ਫਰਵਰੀ ਮਹੀਨੇ ਬਲਾਕ ਪੱਧਰੀ ਅਤੇ ਮਾਰਚ ਮਹੀਨੇ ਕੌਮਾਂਤਰੀ ਇਸਤਰੀ ਦਿਵਸ ਨੂੰ ਜਥੇਬੰਦਕ ਤੌਰ ਤੇ ਮਨਾਉਂਦੇ ਹੋਏ ਜ਼ਿਲ੍ਹਾ ਪੱਧਰੀ ਕਮੇਟੀਆਂ ਦਾ ਪੁਨਰਗਠਨ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ 08 ਮਾਰਚ ਨੂੰ ਜ਼ਿਲ੍ਹਾ ਪੱਧਰ ਤੇ ਭਰਵੇਂ ਇਕੱਠ ਕਰਕੇ ਜ਼ਿਲ੍ਹਾ ਕਮੇਟੀਆਂ ਦਾ ਪੁਨਰਗਠਨ ਕਰਨ ਦੇ ਨਾਲ-ਨਾਲ ਮਿੱਡ-ਡੇ-ਮੀਲ ਵਰਕਰਾਂ ਦੀਆਂ ਮੰਗਾਂ ਸਬੰਧੀ ਜ਼ਿਲ੍ਹਾ ਪੱਧਰ ਤੇ ਰੋਸ ਮੁਜ਼ਾਹਰੇ ਕੀਤੇ ਜਾਣਗੇ । ਇਸ ਤੋਂ ਬਾਅਦ ਅਗਲੀ ਮੀਟਿੰਗ ਕਰਕੇ ਮਈ ਦੇ ਦੂਜੇ ਹਫ਼ਤੇ ਵਿੱਚ ਜਥੇਬੰਦੀ ਦੀ ਸੂਬਾ ਪੱਧਰੀ ਜਥੇਬੰਦਕ ਕਨਵੈਨਸ਼ਨ ਆਯੋਜਿਤ ਕੀਤੀ ਜਾਵੇਗੀ। ਇਸ ਉਲੀਕੇ ਗਏ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਵੱਖ ਵੱਖ ਜ਼ਿਲ੍ਹਿਆਂ ਲਈ ਵੱਖ-ਵੱਖ ਆਗੂਆਂ ਦੀਆਂ ਡਿਊਟੀਆਂ ਵੀ ਲਗਾ ਦਿੱਤੀਆਂ ਗਈਆਂ ਹਨ। ਮੀਟਿੰਗ ਵਿੱਚ ਰੋਸ ਪ੍ਰਗਟ ਕੀਤਾ ਗਿਆ ਕਿ ਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਕੀਤੇ ਚੋਣ ਵਾਅਦੇ ਅਨੁਸਾਰ ਦੁਗਣਾ ਨਹੀਂ ਕੀਤਾ ਗਿਆ,ਰੈਗੂਲਰ ਕਰਨ ਲਈ ਕੋਈ ਯਤਨ ਨਹੀਂ ਕੀਤੇ ਗਏ,ਗੁਆਂਢੀ ਸੂਬੇ ਹਰਿਆਣਾ ਦੇ ਬਰਾਬਰ 6500/-ਰੁਪਏ ਮਹੀਨਾ ਮਾਣ ਭੱਤਾ ਦੇਣ ਲਈ ਗੰਭੀਰਤਾ ਨਹੀਂ ਦਿਖਾਈ ਜਾ ਰਹੀ, ਵਰਕਰਾਂ ਦਾ ਮੁਫ਼ਤ ਪੰਜ ਲੱਖ ਰੁਪਏ ਦਾ ਬੀਮਾ ਨਹੀਂ ਕੀਤਾ ਜਾ ਰਿਹਾ,ਸਾਲ ਦੌਰਾਨ ਦੋ ਵਰਦੀਆਂ ਨਹੀਂ ਦਿੱਤੀਆਂ ਜਾ ਰਹੀਆਂ,ਹਰ 25 ਬੱਚਿਆਂ ਪਿੱਛੇ ਇੱਕ ਹੋਰ ਵਾਧੂ ਵਰਕਰ ਨਹੀਂ ਰੱਖੀ ਜਾ ਰਹੀ, ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ ਮਿੱਡ-ਡੇ-ਮੀਲ ਵਰਕਰਾਂ ਨੂੰ 18000/- -ਰੁਪਏ ਮਹੀਨਾ ਮਿਹਨਤਾਨਾ ਦੇਣ ਲਈ ਵੀ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ,ਮਿੱਡ-ਡੇ-ਮੀਲ ਵਰਕਰਾਂ ਤੋਂ ਜ਼ਬਰੀ ਹੋਰ ਵਾਧੂ ਕੰਮ ਲੈਣੇ ਬੰਦ ਨਹੀਂ ਕੀਤੇ ਜਾ ਰਹੇ,ਸਰਵਿਸ ਬੁੱਕਾਂ ਨਹੀਂ ਲਗਾਈਆਂ ਜਾ ਰਹੀਆਂ,ਪਛਾਣ ਪੱਤਰ ਜਾਰੀ ਨਹੀਂ ਕੀਤੇ ਜਾ ਰਹੇ, ਇਸ ਸਮੇਂ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਜਸਵਿੰਦਰ ਕੌਰ ਟਾਹਲੀ ਵਿੱਤ ਸਕੱਤਰ ਪ੍ਰਵੀਨ ਕੌਰ ਫ਼ਤਿਹਗੜ੍ਹ ਸਾਹਿਬ, ਕਮਲਜੀਤ ਕੌਰ ਹੁਸ਼ਿਆਰਪੁਰ,ਮਮਤਾ ਸੈਦਪੁਰ ਪ੍ਰਧਾਨ ਕਪੂਰਥਲਾ,ਕਮਲੇਸ਼ ਕੌਰ ਪ੍ਰਧਾਨ ਰੋਪੜ,ਰਿੰਪੀ ਰਾਣੀ ਪ੍ਰਧਾਨ ਨਵਾਂ ਸ਼ਹਿਰ, ਸੰਤੋਸ਼ ਪਾਸ਼ੀ ਪ੍ਰਧਾਨ ਪਠਾਨਕੋਟ,ਜਸਵੀਰ ਕੌਰ ਪ੍ਰਧਾਨ ਲੁਧਿਆਣਾ,ਇਕਬਾਲ ਕੌਰ ਪ੍ਰਧਾਨ ਪਟਿਆਲਾ, ਗੁਰਜੀਤ ਕੌਰ ਮਨਜੀਤ ਕੌਰ,ਕੁਲਵਿੰਦਰ ਕੌਰ ਮੋਹਾਲੀ,ਜਸਵੀਰ ਕੌਰ ਤਾਰਨਤਾਰਨ,ਹਰਮੇਸ਼ ਕੌਰ ਅਨੰਦਪੁਰ ਸਾਹਿਬ, ਸਿਮਰਨਜੀਤ ਕੌਰ ਪਾਸਲਾ,ਚਰਨਜੀਤ ਕੌਰ ਮਾਹਲ,ਸਿਮਲਜੀਤ ਕੌਰ ਫਰੀਦਕੋਟ ਅਤੇ ਮਨਜੀਤ ਕੌਰ ਤੋਂ ਇਲਾਵਾ ਮਿੱਡ -ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾਸਲਾਹਕਾਰ ਅਤੇ ਪ.ਸ.ਸ. ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਕੁਲਦੀਪ ਸਿੰਘ ਕੌੜਾ ਵੀ ਸ਼ਾਮਲ ਸਨ।

ਲੋਕ ਬਾਣੀ

# ਪੰਜਾਬ ਸਰਕਾਰ ਵੱਲੋਂ ਸਮਾਜ ਸੇਵਾ ਸਬੰਧੀ ਗਤੀਵਿਧੀਆਂ ਕਰਨ ਵਾਲੇ ਮਾਨਤਾ ਪ੍ਰਾਪਤ ਯੂਥ ਕਲੱਬਾਂ ਨੂੰ ਦਿੱਤੀ ਜਾਵੇਗੀ ਸਹਾਇਤਾ ਰਾਸ਼ੀ- ਡਿਪਟੀ ਕਮਿਸ਼ਨਰ



ਅੰਮ੍ਰਿਤਸਰ, - ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਤ ਯੂਥ ਕਲੱਬਾਂ ਨੂੰ ਉਤਸ਼ਾਹਿਤ ਕਰਨ ਲਈ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਵਿਭਾਗ ਨਾਲ ਐਫਲੀਏਟਡ ਸਰਗਰਮ ਯੂਥ ਕਲੱਬ, ਜੋ ਸਹਾਇਤਾ ਲੈਣ ਦੇ ਇੱਛੁਕ ਹਨ, ਉਹ ਆਪਣੀ 2 ਸਾਲਾਂ ਦੀ ਪ੍ਰਗਤੀ ਰਿਪੋਰਟ 20 ਫਰਵਰੀ 2025 ਤੱਕ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ, ਅਮ੍ਰਿਤਸਰ (ਕਮਰਾ ਨੰ 218, ਦੂਜੀ ਮੰਜਿਲ , ਜਿਲਾ ਪ੍ਰਸ਼ਾਸਕੀ ਕੰਪਲੈਕਸ ਅੰਮ੍ਰਿਤਸਰ, ) ਦੇ ਦਫ਼ਤਰ ਵਿਚ ਜਮ੍ਹਾਂ ਕਰਵਾਉਣ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਬਣਾਈ ਗਈ ਜ਼ਿਲ੍ਹਾ ਪੱਧਰੀ ਕਮੇਟੀ ਇਨ੍ਹਾਂ ਕਲੱਬਾਂ ਦੇ ਕੰਮ ਦਾ ਮੁਲਾਂਕਣ ਕਰਕੇ ਅਗਲੇਰੀ ਕਾਰਵਾਈ ਕਰੇਗੀ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਅੰਮ੍ਰਿਤਸਰ ਪ੍ਰੀਤ ਕੋਹਲੀ ਨਾਲ ਮੋਬਾਈਲ ਨੰਬਰ 98158-81016 ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਲੋਕ ਬਾਣੀ

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਯੁਵਕ ਸੇਵਾਵਾਂ ਕਲੱਬਾਂ ਵੱਲੋਂ ਪਿੰਡ ਅਤੇ ਵਾਰਡ ਪੱਧਰ ਤੇ ਸਮਾਜ ਸੇਵੀ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਜਿਸ ਵਿਚ ਪਿੰਡਾਂ ਅਤੇ ਵਾਰਡਾਂ ਵਿਚ ਸਫ਼ਾਈ ਮੁਹਿੰਮ, ਖ਼ੂਨਦਾਨ ਕੈਂਪ, ਵੱਖ-ਵੱਖ ਸਰਕਾਰੀ ਜਾਗਰੂਕਤਾ ਮੁਹਿੰਮਾਂ ਅਤੇ ਰਚਨਾਤਮਕ ਕਾਰਜ, ਖੇਡਾਂ ਅਤੇ ਹੋਰ ਵੱਖ-ਵੱਖ ਕੈਂਪਾਂ ਵਿਚ ਉਨ੍ਹਾਂ ਦੀ ਸ਼ਮੂਲੀਅਤ, ਸ਼ਾਮਲ ਹਨ। ਉਨ੍ਹਾਂ ਨੇ ਯੂਥ ਕਲੱਬਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਆਪਣੇ 2 ਸਾਲਾਂ ਦੀ ਵਿਸਥਾਰਤ ਰਿਪੋਰਟ ਪੇਸ਼ ਕਰਨ ਤਾਂ ਜੋ ਉਨ੍ਹਾਂ ਨੂੰ ਸਰਕਾਰ ਵੱਲੋਂ ਮਿਲਣ ਵਾਲੀ ਮਦਦ ਜਲਦੀ ਤੋਂ ਜਲਦੀ ਮੁਹੱਈਆ ਕਰਵਾਈ ਜਾ ਸਕੇ।

# ਦੁਆਬੇ ਦੀ ਧੀ ਹਰਸ਼ਦੀਪ ਕੌਰ ਗੜ੍ਹਸ਼ੰਕਰ ਸਿਰ ਤੇ ਸੱਜੀ ਸੱਗੀ

ਗੁਰਦਾਸਪੁਰ - ਨਵਨੀਤ ਕੁਮਾਰ -
ਵਿਸ਼ਵ ਪੱਧਰ ਤੇ ਪਛਾਣ ਬਣਾਉਣ ਵਾਲਾ ਧੀਆਂ-ਧਿਆਣੀਆ ਵਿਰਾਸਤੀ ਲੋਕ-ਕਲਾਵਾਂ ਮੇਲੇ ਸੁਨੱਖੀ ਪੰਜਾਬਣ ਮੁਟਿਆਰ ਅੱਜ ਸਥਾਨਿਕ ਰਾਮ ਸਿੰਘ ਦੱਤ ਹਾਲ ਵਿਖੇ ਲੋਕ ਸੱਭਿਆਚਾਰਕ ਪਿੜ (ਰਜਿ:) ਗੁਰਦਾਸਪੁਰ ਦੇ ਪ੍ਰਧਾਨ ਤੇ ਭੰਗੜਾ ਕੋਚ ਜੈਕਬ ਮਸੀਹ ਤੇਜਾ ਵੱਲੋਂ ਕਰਵਾਇਆ ਗਿਆ।ਇਸ
ਮੁਕਾਬਲੇ ਦੀ ਘੁੰਡ ਚੁਕਾਈ ਦੀ ਰਸਮ ਸ.ਬਰਿੰਦਰਮੀਤ ਸਿੰਘ ਪਾਹੜਾ ਜਿਲਾ ਪ੍ਰਧਾਨ ਕਾਂਗਰਸ ਅਤੇ ਵਿਧਾਇਕ ਗੁਰਦਾਸਪੁਰ ਵੱਲੋਂ ਕੀਤੀ ਗਈ ਅਤੇ ਦੀਵੇ ਦੀ ਲੋਅ ਕਰਨ ਦੀ ਰਸਮ ਸ੍ਰੀ ਰਮਨ ਬਹਿਲ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਅਤੇ ਸੀਨੀਅਰ ਨੇਤਾ ਆਮ ਆਦਮੀ ਪਾਰਟੀ ਪੰਜਾਬ ਅਤੇ ਪਿੜ ਪਰਿਵਾਰ ਵੱਲੋ ਸਾਂਝੇ ਤੌਰ ਤੇ ਕੀਤੀ ਗਈ। ਇਸ ਮੌਕੇ ਮਾਹਿਰਾਂ ਔਰਤਾਂ ਜੱਜਾਂ ਵੱਲੋਂ ਹਰਸ਼ਦੀਪ ਕੌਰ ਗੜ੍ਹਸ਼ੰਕਰ ਮੁਟਿਆਰ ਸੁਨੱਖੀ ਪੰਜਾਬਣ ਮੁਟਿਆਰ ਦੀ ਖਿਤਾਬ ਨਾਲ ਸਨਮਾਨਿਤ ਕਰਕੇ ਉਸ ਨੂੰ ਸੱਗੀ ਦਿੱਤੀ ਗਈ।ਜਦੋਂ ਕਿ ਨਿੰਮੀ ਬੈਂਸ ਪੀ ਏ ਯੂ ਲੁਧਿਆਣਾ ਨੇ ਦੂਜਾ ਸਥਾਨ, ਸਿਮਰਨਜੀਤ ਕੌਰ ਡੀ ਕਾਲਜ ਫ਼ਾਰ ਵੂਮੈਨ ਗੁਰਦਾਸਪੁਰ ਨੇ ਤੀਸਰਾ ਸਥਾਨ ਹਾਸਲ ਕੀਤਾ।ਪੰਜਾਬੀ ਸੱਭਿਆਚਾਰ ਨਾਲ ਜੁੜੇ ਇਸ ਵਿਲੱਖਣ ਪੁਰਾਤਨ ਸੱਭਿਆਚਾਰ ਨਾਲ ਸਬੰਧਿਤ ਮੁਕਾਬਲਾ ਸਵੇਰੇ 10 ਤੋਂ ਸ਼ਾਮ ਤੱਕ 5 ਵਜੇ ਲਗਾਤਾਰ 8 ਘੰਟੇ ਚੱਲੇ ਪ੍ਰੋਗਰਾਮ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਇਲਾਵਾ ਗੁਰਦਾਸਪੁਰ ਜਿਲ੍ਹੇ ਦੇ ਪੰਜਾਬੀ ਸੱਭਿਆਚਾਰ ਨੂੰ ਪ੍ਰੇਮ ਕਰਨ ਵਾਲੇ ਸਰੋਤੇ ਲਗਾਤਾਰ ਬੈਠੇ ਰਹੇ ਅਤੇ ਉਨ੍ਹਾਂ ਨੇ ਇਸ ਪ੍ਰੋਗਰਾਮ ਦਾ ਭਰਪੂਰ ਅਨੰਦ ਮਾਣਿਆ।ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈ.ਟੀ.ਓ ਬਿਜਲੀ ਅਤੇ ਨਿਰਮਾਣ ਮੰਤਰੀ ਪੰਜਾਬ ਦੀ ਧਰਮ ਪਤਨੀ ਸ੍ਰੀਮਤੀ ਸੁਹਿੰਦਰ ਕੌਰ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਉਹਨੂੰ ਬਹੁਤ ਹੀ ਸੁਲਝੇ ਢੰਗ ਨਾਲ ਸ਼ਬਦਾਂ ਨੂੰ ਬੋਲਦੇ ਹੋਏ ਧੀਆਂ-ਧਿਆਣੀਆਂ ਨੂੰ ਵਧਾਈ ਦਿੱਤੀ ਕਿ ਤੁਸੀਂ ਪੰਜਾਬ ਦੀ ਵਾਗ ਡੋਰ ਹੋ ਅਤੇ ਪੰਜਾਬੀਅਤ ਨੂੰ ਹਮੇਸ਼ਾ ਹੀ ਇਸੇ ਤਰਾਂ ਸਾਂਭ ਕੇ ਰੱਖੋ। ਉਨਾਂ ਮੰਤਰੀ ਸਾਹਿਬ ਦੇ ਅਖਤਿਆਰੀ ਫੰਡ ਚੋਂ ਇਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਇਸ ਮੌਕੇ ਲੋਕ ਸੱਭਿਆਚਾਰਕ ਪਿੜ ਦੇ ਬਾਨੀ ਸ ਅਜੈਬ ਸਿੰਘ ਚਾਹਲ, ਸਰਪ੍ਰਸਤ ਬੀਬੀ ਅਮਰੀਕ ਕੌਰ ਪ੍ਰਧਾਨ ਤੇ ਭੰਗੜਾ ਕੋਚ ਜੈਕਬ ਤੇਜਾ,ਪਿੜ ਮੁੱਖ ਬੁਲਾਰੇ ਪ੍ਰਸਿੱਧ ਲੋਕ ਗਾਇਕ ਦਲਵਿੰਦਰ ਦਿਆਲਪੁਰੀ ਅਤੇ ਮੁੱਖ ਸਲਾਹਕਾਰ ਡਾ.ਐਸ.ਯੂਸਫ,ਪਿੜ ਦੀ ਕੋਆਡੀਨੇਟਰ ਸ੍ਰੀ ਕੁਲਵਿੰਦਰ ਕੌਰ, ਡਰਾਇਕੈਟਰ ਡਾ.ਅਮਰਜੀਤ ਕੌਰ ਕਾਲਕਟ, ਵਿਸ਼ੇਸ਼ ਬੁਲਾਰੀ ਡਾ.ਰੁਪਿੰਦਰਜੀਤ ਕੌਰ ਗਿੱਲ, ਵਿਸ਼ੇਸ਼ ਤੌਰ ਤੇ ਹਾਜ਼ਰ ਸਨ।
ਇਸ ਮੌਕੇ ਪ੍ਰਬੰਧਕਾਂ ਵੱਲੋਂ ਬਣਾਈ ਗਈ ਸਟੇਜ ਸਰੋਤਿਆਂ ਦੀ ਖਿੱਚ ਦਾ ਕੇਂਦਰ ਬਣੀ ਰਹੀ। ਜਿਸ ਉਪਰ ਪੁਰਾਤਨ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀਆਂ ਵੱਖ-ਵੱਖ ਵੰਨਗੀਆਂ ਖੂਬ ਸੂਰਤ ਢੰਗ ਨਾਲ ਪ੍ਰਦਰਸ਼ਿਤ ਕੀਤੀਆਂ ਹੋਈਆਂ ਸਨ।
ਚੇਅ.ਬਹਿਲ, ਵਿਧਾਇਕ ਪਾਹੜਾ ਤੇ ਟਾਂਗੇ ਤੇ ਸਵਾਰ ਹੋ ਕੇ ਪਹੁੰਚੇ ਮੇਲੇ ਵਿੱਚ ਪਿੜ ਵਲੋਂ ਕਰਵਾਏ ਜਾਂਦੇ ਮੇਲੇ ਦੀ ਖ਼ਾਸੀਅਤ ਇਹ ਹੈ ਕਿ ਇਹ ਪੂਰੀ ਤਰ੍ਹਾਂ ਸੱਭਿਆਚਾਰ ਦੇ ਰੰਗ ਵਿਚ ਰੰਗਿਆ ਹੁੰਦਾ ਹੈ। ਇਸੇ ਲਈ ਮੇਲੇ ਚ ਪਹੁੰਚਣ ਵਾਲੇ ਹਰ ਇਕ ਪ੍ਰਾਹੁਣੇ ਦੀ ਆਓ ਭਗਤ ਪੁਰਾਤਨ ਢੰਗ ਨਾਲ ਟਾਂਗੇ



ਤੇ ਬਿਠਾ ਕੇ ਮੇਲੇ ਚ ਲਿਆਂਦਾ ਜਾਂਦਾ ਹੈ ਤੇ ਫੁਲਕਾਰੀ ਦੀ ਛਾਂ ਹੇਠਾਂ ਉਨ੍ਹਾਂ ਨੂੰ ਮੰਚ ਤੱਕ ਪੁੱਜਦਾ ਕੀਤਾ ਜਾਂਦਾ ਹੈ ਅਤੇ ਜਿੱਥੇ ਬੂਹੇ ਵਿਚ ਤੇਲ ਚੌਂ ਕੇ ਉਨ੍ਹਾਂ ਦਾ ਸਵਾਗਤ ਕੀਤਾ ਜਾਂਦਾ ਹੈ। ਪੁਰਾਤਨ ਹਾਰਾ ਨਾਲ ਜੋ ਕਿ ਮੂੰਗਫਲੀ ਠੂਠੀ ਨਾਲ ਬਣਾਏ ਹੋਏ ਹਰ ਮਹਿਮਾਨ ਦੇ ਗਲਾਂ ਵਿੱਚ ਪਾ ਕੇ ਸਵਾਗਤ ਕੀਤਾ ਗਿਆ। ਇਸੇ ਤਰ੍ਹਾਂ ਅੱਜ ਜਦੋਂ ਚੇਅਰਮੈਨ ਰਮਨ ਬਹਿਲ, ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ,ਸਮੇਤ ਹੋਰ ਅਧਿਕਾਰੀ ਟਾਂਗੇ ਤੇ ਸਵਾਰ ਹੋ ਕੇ ਮੇਲੇ ਚ ਪਹੁੰਚੇ ਤਾਂ ਜਿੱਥੇ ਅਧਿਕਾਰੀ ਖ਼ੁਦ ਖ਼ੁਸ਼ ਹੋਏ, ਉੱਥੇ ਲੋਕ ਵੀ ਇਹ ਨਜ਼ਾਰਾ ਦੇਖ ਕੇ ਵਾਹ-ਵਾਹ ਕਰ ਉੱਠੇ। ਪੂਰੇ ਮੇਲੇ ਵਿੱਚ ਧੀਆਂ ਵੱਲੋਂ ਸਿਰ ਤੇ ਡਲ ਅਤੇ ਪਰਾਤ ਰੱਖ ਕੇ ਗੁੜ, ਪਤਾਸੇ, ਗੁਲਗਲੇ ਪਾ ਕੇ ਵੰਡੇ ਗਏ। ਇਹ ਦ੍ਰਿਸ਼ ਆਉਣ ਲੱਗ ਰਿਹਾ ਸੀ ਕਿ ਜਿੱਦਾਂ ਫਿਰ ਪੰਜਾਬ ਦੇ ਅਲੋਪ ਹੋਏ ਰੀਤੀ ਰਿਵਾਜ ਉਗੜ ਕੇ ਸਾਹਮਣੇ ਆ ਗਏ ਹੋਣ।



ਗੱਲ ਕਿ ਪ੍ਰੋਗਰਾਮ ਦਾ ਪੂਰਾ ਮਹੌਲ ਪੁਰਾਤਨ ਪੰਜਾਬੀ ਸੱਭਿਆਚਾਰ ਦੀ ਹੂ-ਬ-ਹੂ ਤਸਵੀਰ ਪੇਸ਼ ਕਰ ਰਿਹਾ ਸੀ ਜੋ ਦਰਸ਼ਕਾਂ ਉਪਰ ਪ੍ਰਤੱਖ ਰੂਪ ਵਿੱਚ ਆਪਣੀ ਅਮਿੱਟ ਯਾਦ ਛੱਡਦਾ ਜਾ ਰਿਹਾ ਸੀ।ਵੱਖ-ਵੱਖ ਲੋਕ-ਕਲਾਵਾਂ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੀਆਂ ਜਦੋਂ ਖ਼ੂਬ ਸੂਰਤ ਉੱਚੀਆਂ ਲੰਮ ਸਲੱਮੀਆਂ ਪੰਜਾਬੀ ਪਹਿਰਾਵੇ ਵਿੱਚ ਸੱਜੀਆਂ ਮੁਟਿਆਰਾਂ ਸਟੇਜ ਤੇ ਪੁੱਜੀਆਂ ਤਾਂ ਸਰੋਤਿਆਂ ਨੇ ਅਕਾਸ਼ ਗੁੰਜਾਊ ਤਾੜੀਆਂ ਨਾਲ ਉਨਾਂ ਦਾ ਸਵਾਗਤ ਕੀਤਾ।ਜਦੋਂ ਕਿ ਸਟੇਜ ਸਕੱਤਰ ਦਾ ਫਰਜ ਬਹੁਤ ਹੀ ਖੁਬਸੂਰਤ ਢੰਗ ਨਾਲ ਪ੍ਰਸਿੱਧ ਮੰਚ ਸੰਚਾਲਕਾ ਡਾ:ਰੁਪਿੰਦਰਜੀਤ ਕੌਰ ਗਿੱਲ ਤੇ ਲੋਕ ਗਾਇਕ ਦਲਵਿੰਦਰ ਦਿਆਲਪੁਰੀ ਅਤੇ ਪ੍ਰੋ.ਸੁਰਖਾਬ ਸ਼ੈਲੀ ਨੇ ਸਾਂਝੇ ਤੌਰ ਤੇ ਬਾਖ਼ੂਬੀ ਨਿਭਾਅ ਰਹੇ ਸਨ। ਸੁਨੱਖੀ ਪੰਜਾਬਣ ਮੁਟਿਆਰ ਦੇ ਮੁਕਾਬਲੇ ਦੌਰਾਨ ਜੱਜਾਂ ਦੀ ਭੂਮਿਕਾ ਸ੍ਰੀਮਤੀ ਕਿਰਨਦੀਪ ਕੌਰ,ਸ੍ਰੀਮਤੀ ਰਜਨੀਸ਼ ਕੌਰ,
ਡਾ: ਕੁਲਵਿੰਦਰ ਕੌਰ ਸਰਾਂ ਨੇ ਨਿਭਾਈ। ਮੁਟਿਆਰਾ ਨੇ ਵਿਰਸੇ ਨਾਲ ਜੁੜੇ ਕੰਮਕਾਜ ਬਹੁਤ ਵਧੀਆ ਢੰਗ ਨਾਲ ਕਰ ਕੇ ਵਿਖਾਏ ਜਿਵੇ ਪਿੱਤਲ ਦੀ ਗਾਗਰ ਉਤੇ ਆਟੇ ਦੇ ਦੀਵੇ ਬਣਾ ਕੇ ਜਾਗੋ ਤਿਆਰ ਕਰਨੀ,ਘੜੇ ਉਤੇ ਸੇਵੀਆਂ ਵੱਟਣੀਆਂ,ਵੇਲਣੇ ਨਾਲ ਕਪਾਹ ਵੇਲਣੀ,ਛੱਜ ਨਾਲ ਦਾਣੇ ਛੱਟਣੇ,ਨਾਲੇ ਬਣਾਉਣਾ (ਬੁਣਨਾ),ਜਵਾਰ ਦਾ ਆਟਾ ਗੁੰਨਣਾ ਅਤੇ ਰੋਟੀ ਪਕਾਉਣੀ,ਪੂਣੀਆਂ ਵੱਟਣੀਆਂ,ਚਰਖੇ ਤੇ ਰੂੰ ਕੱਤਣਾ ਅਤੇ ਟੇਰਨੇ ਤੇ ਸੂਤ ਵਲੇਟਣਾ,ਚੱਕੀ ਤੇ ਦਾਣੇ ਪੀਹਣੇ,ਗੀਟੇ ਖੇਡਣੇ,ਸਾਗ ਦੀਆਂ ਗੰਦਲਾਂ ਉਤੋਂ ਛਿੱਲੜ ਲਾਉਣੀ ਅਤੇ ਸਾਗ ਚੀਰਨਾ ਤੇ ਘੋਟਣਾ,ਮਧਾਣੀ ਨਾਲ ਦਹੀਂ ਰਿੜਕਣਾ,ਖੇਸ ਦੇ ਡੋਰੇ ਵੱਟਣੇ,ਗੰਨਾ ਚੂਪਣਾ,ਉੱਖਲੀ ਵਿਚ ਦਾਣੇ ਕੁੱਟਣੇ,ਚੌਂਕ ਪੂਰਣਾ,ਚੂਰੀ ਬਣਾਉਣੀ,ਮਿੱਟੀ ਦੀ ਕੰਧ ਉਤੇ ਬੂਟੀਆਂ ਪਾਉਣਾ,ਨਾਲੇ ਦਾ ਤਾਣਾ ਪਾਉਣਾ,ਚਰਖੇ ਦੇ ਫੱਟਾ ਤੇ ਬੇਰ ਪਾਉਣਾ,ਛਾਬੀ ਬਣਨੀ,ਮਿੱਟੀ ਦੇ ਖਿਡੌਣੇ ਬਣਾਉਣੇ,ਰਜਾਈ ਨਗੰਦਣਾ,ਦਰੀ ਬਣਾਉਣਾ,ਸਵੈਟਰ ਤੇ ਬੁਨਤੀ (ਨਮੂਨਾ) ਪਾਉਣਾ,ਚੁੱਲੇ ਨੂੰ ਮਿੱਟੀ ਲਾਉਣੀ ਅਤੇ ਗੀਣੀ ਲਾਉਣੀ,ਸੁਰਮਾ ਪੀਹਣਾ,ਤੰਦੂਰ ਤੇ ਰੋਟੀ ਲਾਉਣੀ,ਮੰਜੀ,ਪੀੜੀ ਨੂੰ ਵਾਣ ਨਾਲ ਬੁਣਨਾ ਮੁਕਾਬਲੇ ਕਰਵਾਏ ਗਏ। ਇਸ ਮੌਕੇ ਤੇ ਪੰਜਾਬ ਭਰ ਵਿੱਚੋਂ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰ ਚੁੱਕੀਆਂ ਪੰਜਾਬ ਦੀਆਂ 5 ਨਾਮਵਰ ਸ਼ਖਸ਼ੀਅਤਾਂ ਨੂੰ ਪੁਰਸਕਾਰ ਦਿਤੇ ਗਏ।ਜਿੰਨਾਂ ਵਿੱਚ ਸ ਬਲਰਾਜ ਜੀ ਨੂੰ ਲੋਕ ਗਾਇਕੀ ਦੇ ਖੇਤਰ ਤੇ ਕੰਮ ਕਰਨ ਲਈ 'ਸੁਰਾਂ ਦਾ ਵਣਜਾਰਾ' ਸਵ: ਹੈਪੀ ਮਾਨ ਯਾਦਗਾਰੀ ਪੁਰਸਕਾਰ,ਸ ਪ੍ਰੀਤ ਕੋਹਲੀ ਜੀ ਨੂੰ ਪੰਜਾਬੀ ਸੱਭਿਆਚਾਰ ਨੂੰ ਤਹਿ ਦਿਲੋਂ ਸਾਂਭਣ ਦੇ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ 'ਸੱਭਿਆਚਾਰ ਦਾ ਸੂਬੇਦਾਰ' ਸਵ: ਭਾਗ ਸਿੰਘ ਯਾਦਗਾਰੀ ਪੁਰਸਕਾਰ,ਸ੍ਰੀਮਤੀ ਨਵਜੋਤ ਕੌਰ ਜੀ ਨੂੰ ਉਹਨਾਂ ਦੀਆਂ ਮੰਚ ਸੰਚਾਰਕਾ ਦੇ ਖੇਤਰ ਵਿੱਚ ਸਲਾਹੁਣਯੋਗ ਪ੍ਰਾਪਤੀਆਂ ਅਤੇ ਜੀਵਨ ਦੇ ਵੱਖ-ਵੱਖ ਖੇਤਰਾਂ ਵਿੱਚ ਪਾਏ ਵਿਲੱਖਣ ਯੋਗਦਾਨ ਲਈ ਸ੍ਰੀਮਤੀ ਨਵਜੋਤ ਕੌਰ ਨੂੰ 'ਮੰਚ ਦਾ ਸ਼ਿਗਾਰ' ਸਵ: ਬੀਬੀ ਸਤਿੰਦਰ ਕੌਰ ਯਾਦਗਾਰੀ ਪੁਰਸਕਾਰ,ਸ੍ਰੀ ਨੱਕਾਸ਼ ਚਿੱਤੇਵਾਣੀ ਜੀ ਨੂੰ ਸਾਹਿਤ ਦੇ ਖੇਤਰ ਵਿੱਚ ਸਲਾਹੁਣਯੋਗ ਪ੍ਰਾਪਤੀਆਂ ਲਈ 'ਪੰਜਾਬੀ ਮਾਂ ਬੋਲੀ ਦਾ ਪਟਵਾਰੀ' ਸਵ: ਵਰਿੰਦਰ ਸਹੋਤਾ ਯਾਦਗਾਰੀ ਪੁਰਸਕਾਰ,ਸ. ਰਾਜਬੀਰ ਸਿੰਘ ਟਾਡਾ ਉਹਨਾਂ ਦਾ ਪੰਜਾਬੀ ਲੋਕ ਨਾਚ ਭੰਗੜੇ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ 'ਭੰਗੜੇ ਦਾ ਲੰਬੜਦਾਰ' ਸਵ: ਗੁਰਪ੍ਰੀਤ ਸਿੰਘ ਚਾਹਲ ਯਾਦਗਾਰੀ ਪੁਰਸਕਾਰ ਵਿੱਚ ਕੈਂਠਾ,ਸਨਮਾਨ ਪੱਤਰ, ਦੁਸ਼ਾਲਾ ਅਤੇ ਪਿੜ ਦੀ ਨਿਸ਼ਾਨੀ ਟਰਾਫੀ ਨਾਲ ਨਿਵਾਜਿਆ ਗਿਆ।
ਇਸ ਮੌਕੇ ਹਰਸ਼ਦੀਪ ਕੌਰ ਗੜ੍ਹਸ਼ੰਕਰ ਹੁਸ਼ਿਆਰਪੁਰ ਪਹਿਲੇ ਸਥਾਨ ਤੇ ਆਉਣ ਵਾਲੀ ਮੁਟਿਆਰ ਨੂੰ ਸੁੱਗੀ ਫੁੱਲ ਸ਼ਗਨ ਅਤੇ ਟਰਾਫੀ,ਨਿੰਮੀ ਬੈਂਸ ਪੀ.ਏ.ਯੂ ਲੁਧਿਆਣਾ ਦੂਸਰੇ ਸਥਾਨ ਵਾਲੀ ਨੂੰ ਬੁਗਤੀਆਂ ਸ਼ਗਨ ਅਤੇ ਟਰਾਫੀ,ਸ਼ਰਨਜੀਤ ਕੌਰ ਪੰਡਿਤ ਮੋਹਨ ਲਾਲ ਐਸ.ਡੀ ਕਾਲਜ ਫਾਰ ਵੋਮਨ ਗੁਰਦਾਸਪੁਰ ਤੀਜੇ ਸਥਾਨ ਵਾਲੀ ਨੂੰ ਟਿੱਕਾ ਸ਼ਗਨ ਅਤੇ ਟਰਾਫੀ ਦਿੱਤੀ ਗਈ।
ਇਸ ਤੋਂ ਇਲਾਵਾਂ ਸੰਦੀਪ ਕੌਰ ਗੁਰੂ ਤੇਗ ਬਹਾਦਰ ਖਾਲਸਾ ਕਲਾਜ ਦਸੂਹਾ ਲੰਮ ਸਲੰਮੀ ਨਾਰ,ਖੁਸ਼ੀ ਸਰਕਰੀ ਕਾਲਜ ਲੁਧਿਆਣਾ ਨਸ਼ੀਲੇ ਨੈਣ,ਜਸਮੀਤ ਕੌਰ ਦਸ਼ਮੇਸ਼ ਕਾਲਜ ਫ਼ਾਰ ਵੂਮੈਨਮੁਕੇਰੀਆਂ,ਹੁਸ਼ਿਆਰਪੁਰ ਗਿੱਧਿਆਂ ਦੀ ਮੇਲਣ,ਰਿਤਿਕਾ ਥਾਪਰ ਦਸ਼ਮੇਸ਼ ਕਾਲਜ ਫ਼ਾਰ ਵੂਮੈਨ ਮੁਕੇਰੀਆਂ,ਹੁਸ਼ਿਆਰਪੁਰ ਮੋਰਨੀ ਵਰਗੀ ਧੌਣ,ਜੈਸਮੀਨ ਕੌਰ ਸੈਂਟ ਮੈਰੀ ਸੀਨੀਅਰ ਸੈਕੰਡਰੀ ਸਕੂਲ ਮੀਰਪੁਰ ਸੂਝਵਾਨ ਮੁਟਿਆਰ,ਕਿਰਨਦੀਪ ਕੌਰ ਕੇ.ਐਮ.ਵੀ ਜਲੰਧਰ ਮੜ੍ਹਕ ਨਾਲ ਤੁਰਨਾ,ਵੰਸ਼ਿਕਾ ਕੇ.ਐਮ.ਵੀ ਜਲੰਧਰ ਸੋਹਣਾ ਪੰਜਾਬੀ ਪਹਿਰਾਵਾ,ਜਸਮੀਨ ਢਿੱਲੋਂ ਪੰਡਿਤ ਮੋਹਨ ਲਾਲ ਐਸ ਡੀ ਕਾਲਜ ਫਾਰ ਵੋਮਨ



ਗੁਰਦਾਸਪੁਰ ਹਾਸਿਆਂ ਦੀ ਰਾਣੀ,
ਦੀਕਸ਼ਾ ਦਸ਼ਮੇਸ਼ ਕਾਲਜ ਫਾਰ ਵੋਮੈਨ ਮਕੇਰੀਆਂ ਸੱਪਣੀ ਵਾਲੀ ਗੁੱਤ, ਸਿਮਰਨ ਐਸ.ਐਸ.ਐਮ ਕਾਲਜ ਦੀਨਾਨਗਰ ਮੁੱਖੜਾ ਚੰਨ ਵਰਗਾ,ਮੁਸਕੀਨਜੋਤ ਕੇ.ਐਮ.ਵੀ. ਜਲੰਧਰ ਸੋਹਣੇ ਗਹਿਣੇ, ਸਿਮਰਨਜੋਤ ਕੌਰ ਜੀ.ਐਨ.ਡੀ.ਯੂ.ਖੇਤਰੀ ਕੈਂਪਸ ਮਿੱਠੜੇ ਬੋਲ, ਗੁਰਪ੍ਰੀਤ ਕੌਰ ਪੀ.ਟੀ.ਯੂ.ਜਲੰਧਰ ਮਿਲਾਪੜੀ ਮੁਟਿਆਰ, ਰਾਧਿਕਾ ਸਿੱਖ ਨੈਸ਼ਨਲ ਕਾਦੀਆਂ ਨੰਨੀ ਕਰੂੰਬਲ,ਜਸਮੀਨ ਰੰਧਾਵਾ ਪੰਡਿਤ ਮੋਹਨ ਲਾਲ ਐਸ.ਡੀ ਕਾਲਜ ਫਾਰ ਵੋਮਨ ਗੁਰਦਾਸਪੁਰ ਮਲੂਕੜੀ ਜਿਹੀ ਮੁਟਿਆਰ, ਪ੍ਰਿਆਯਾਲ ਸ਼ਿਵਾਲਿਕ ਕਾਲਜ ਗੁਰਦਾਸਪੁਰ ਨਿਰੋਲ ਪਿੜ ਪੇਸ਼ਕਾਰੀ, ਤਨਵੀਤ ਕੌਰ ਕੇ.ਐਮ.ਵੀ. ਜਲੰਧਰ ਸ਼ਰਮੀਲੀਆਂ ਅੱਖਾਂ,ਪਵਨਦੀਪ ਕੇ.ਐਮ.ਵੀ.ਜਲੰਧਰ ਬੁਸਕਣਾ,ਅਸਕੇਟਾ ਠਾਕੁਰ ਐਸ ਐਸ ਐਮ ਕਾਲਜ ਦੀਨਾਨਗਰ ਲਾੜੀ ਸਰੂਪ, ਚੰਨਪ੍ਰੀਤ ਕੌਰ ਸਟਾਫ ਨਰਸ ਜਲੰਧਰ ਵਿਦਾਇਗੀ ਤੋਰ, ਸਨਮਾਨਿਆ ਗਿਆ।ਇਸ ਪ੍ਰੋਗਰਾਮ ਵਿੱਚ ਸ.ਬਰਿੰਦਰਮੀਤ ਸਿੰਘ ਪਾਹੜਾ ਬੋਲਦਿਆਂ ਰਵਾਇਤੀ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਇਹ ਪ੍ਰੋਗਰਾਮ ਕਰਵਾਉਣ ਵਾਲੇ ਮੁੱਖ ਪ੍ਰਬੰਧਕ ਜੈਕਬ ਤੇਜਾ ਅਤੇ ਉਸ ਦੇ ਸਾਥੀਆਂ ਦੀ ਖੂਬ ਪ੍ਰਸੰਸਾ ਕੀਤੀ।ਪ੍ਰੋਗਰਾਮ ਤੋਂ ਪ੍ਰਭਾਵਿਤ ਹੁੰਦਿਆਂ ਪ੍ਰਬੰਧਕਾਂ ਨੂੰ ਸੁਖਜਿੰਦਰ ਸਿੰਘ ਰੰਧਾਵਾ ਦੇ ਅਖਤਿਆਰੀ ਫੰਡ ਵਿੱਚੋਂ 50,000 ਰੁਪਏ ਦੇਣ ਦਾ ਐਲਾਨ ਕੀਤਾ।ਇਸੇ ਦੌਰਾਨ ਗੁਰਦਾਸਪੁਰ ਦੇ ਆਮ ਆਦਮੀ ਪਾਲਟੀ ਦੇ ਸੀਨੀਅਰ ਨੇਤਾ ਸ੍ਰੀ ਰਮਨ ਬਹਿਲ ਦੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਰੂਣ ਹੱਤਿਆ ਅੱਜ ਦੀ ਸਭ ਤੋਂ ਖਤਰਨਾਕ ਸਮਾਜਿਕ ਕੁਰੀਤੀ ਹੈ।ਜਿਸ ਦੇ ਖਿਲਾਫ ਸਾਨੂੰ ਸਾਰਿਆਂ ਨੂੰ ਹੰਬਲਾ ਮਾਰਨਾ ਚਾਹੀਦਾ ਹੈ।ਲੋਕ ਸੱਭਿਆਚਾਰਕ ਪਿੜ ਦੀ ਤਰਫੋਂ ਜੈਕਬ ਤੇਜਾ ਨੇ ਇਸ ਪ੍ਰੋਗਰਾਮ ਦੌਰਾਨ ਪੁੱਜੀਆਂ ਪ੍ਰਮੁੱਖ ਸਖਸ਼ੀਅਤਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਪਿੜ ਪਰਿਵਾਰ ਅਜੈਬ ਸਿੰਘ ਚਾਹਲ,ਬੀਬੀ ਅਮਰੀਕ ਕੌਰ,ਬੀਬੀ ਕੁਲਮਿੰਦਰ ਕੌਰ, ਡਾ.ਅਮਰਜੀਤ ਕੌਰ ਕਾਲਕਟ,ਡਾ.ਐਸ.ਯੂਸਫ,ਪ੍ਰੋਫ਼ੈਸਰ ਕੁਲਵਿੰਦਰ ਕੌਰ,ਡਾ.ਮਿੰਨੀ ਘੁੰਮਣ,
ਡਾ.ਰੁਪਿੰਦਰਜੀਤ ਕੌਰ ਗਿੱਲ,ਦਲਵਿੰਦਰ ਦਿਆਲਪੁਰੀ,ਡਾ. ਸਤਿੰਦਰ ਕੌਰ ਕਾਹਲੋਂ,ਅਰਵਿੰਦਰ ਸਿੰਘ ਭੱਟੀ, ਗੁਲਸਨ ਕੁਮਾਰ,ਡਾ.ਲੱਕੀ ਗੁਰਦਾਸਪੁਰੀ, ਡਾ.ਗੁਰਬੀਰ ਸਿੰਘ,ਸਰਬਜੀਤ ਸਿੰਘ,ਡਾ.ਗੁਰਜੀਤ ਸਿੰਘ ਝੋਰ,ਰਾਜ ਕੁਮਾਰ,ਡਾ.ਹੈਪੀ ਵਿਨਸੈਂਟ, ਵਿਲਸ ਰਾਇਲ, ਸੁਖਦੀਪ ਸਿੰਘ,ਰਜਿੰਦਰ ਸਿੰਘ ਛੀਨਾ, ਹਰਪ੍ਰੀਤ ਸਿੰਘ ਸੋਹਲ,ਸੈਮੂਅਲ ਡੇਵਿਡ ਬਟਾਲਾ,ਹਰਪ੍ਰੀਤ ਕੌਰ ਰੰਧਾਵਾ,ਪ੍ਰੋ.ਸੁਰਖਾਬ ਸ਼ੈਲੀ, ਸਿਮਰਨਜੀਤ ਅਦਿ ਹਾਜਰ ਸਨ।

# ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 648ਵੇਂ ਪ੍ਰਕਾਸ਼ ਪੁਰਬ ਮੌਕੇ ਜਲੰਧਰ 'ਚ ਰਾਜ ਪੱਧਰੀ ਸਮਾਗਮ

ਜਲੰਧਰ, 12 ਫਰਵਰੀ: ਸ੍ਰੀ ਗੁਰੂ ਰਵਿਦਾਸ ਜੀ ਦੇ 648ਵੇਂ ਪ੍ਰਕਾਸ਼ ਪੁਰਬ ਮੌਕੇ ਪੰਜਾਬ ਸਰਕਾਰ ਵੱਲੋਂ ਜਲੰਧਰ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਸੁਤੰਤਰਤਾ ਸੈਨਾਨੀ, ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਆਦਰਸ਼ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦੀ ਲੋੜ 'ਤੇ ਜ਼ੋਰ ਦਿੱਤਾ।



ਕੈਬਨਿਟ ਮੰਤਰੀ ਨੇ ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਜੀਵਨ ਅਤੇ ਫ਼ਲਸਫਾ ਸਮੁੱਚੀ ਮਨੁੱਖਤਾ ਲਈ ਰਾਹ ਦਸੇਰਾ ਹੈ। ਉਨ੍ਹਾਂ ਕਿਹਾ ਕਿ ਗੁਰੂ ਜੀ ਦੀ ਬਾਣੀ ਤੋਂ ਪ੍ਰੇਰਨਾ ਲੈ ਕੇ ਸਾਨੂੰ ਬਰਾਬਰੀ ਵਾਲੇ ਸਮਾਜ ਦੇ ਨਿਰਮਾਣ ਲਈ ਅਣਥੱਕ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਦਇਆ, ਪ੍ਰੇਮ, ਆਪਸੀ ਭਾਈਚਾਰੇ ਦੇ ਸੰਦੇਸ਼ ਰਾਹੀਂ ਸਮਾਜ ਨੂੰ ਇਕ ਨਵੀਂ ਸੇਧ ਦਿੱਤੀ, ਜਿਸ 'ਤੇ ਚੱਲਦਿਆਂ ਸਾਨੂੰ ਸਭ ਨੂੰ ਲੋਕ ਭਲਾਈ ਦੇ ਕਾਰਜਾਂ ਲਈ ਅੱਗੇ ਆਉਣਾ ਚਾਹੀਦਾ ਹੈ।
ਲੋਕਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਸ਼੍ਰੀ ਭਗਤ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਨੂੰ 25 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਅਤੇ ਭਵਿੱਖ ਦੇ ਪ੍ਰਾਜੈਕਟਾਂ ਲਈ ਰਾਜ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਉਨ੍ਹਾਂ ਪ੍ਰਬੰਧਕਾਂ ਨੂੰ ਭਵਿੱਖ ਦੇ ਪ੍ਰਾਜੈਕਟਾਂ ਸਬੰਧੀ ਤਜਵੀਜ਼ ਬਣਾ ਕੇ ਭੇਜਣ ਲਈ ਵੀ ਕਿਹਾ।
ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦੇ ਹੋਏ ਹਰ ਵਰਗ ਦੀ ਭਲਾਈ ਲਈ ਨਿਰੰਤਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਡਾ. ਬੀ.ਆਰ.ਅੰਬੇਡਕਰ ਦੇ ਆਦਰਸ਼ ਅਗਾਂਹਵਧੂ ਅਤੇ ਖੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਹਮੇਸ਼ਾ ਸਾਡੀ ਅਗਵਾਈ ਕਰਦੇ ਰਹਿਣਗੇ।
ਉਨ੍ਹਾਂ ਇਸ ਮੌਕੇ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਦਾ ਵੱਡੇ ਪੱਧਰ 'ਤੇ ਪ੍ਰਚਾਰ ਤੇ ਪਸਾਰ ਕਰਨ ਦਾ ਸੱਦਾ ਵੀ ਦਿੱਤਾ।
ਉਪਰੰਤ ਸ਼੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਦੇ ਅਹੁਦੇਦਾਰਾਂ ਵੱਲੋਂ ਕੈਬਨਿਟ ਮੰਤਰੀ ਮਹਿੰਦਰ ਭਗਤ ਦਾ ਸਨਮਾਨ ਵੀ ਕੀਤਾ ਗਿਆ।
ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਮੇਅਰ ਵਿਨੀਤ ਧੀਰ, ਸੀਨੀਅਰ ਆਪ ਆਗੂ ਦੀਪਕ ਬਾਲੀ, ਰਾਜਵਿੰਦਰ ਕੌਰ ਥਿਆੜਾ, ਜ਼ਿਲ੍ਹਾ ਪ੍ਰਧਾਨ ਜਲੰਧਰ ਦਿਹਾਤੀ ਸਟੀਫਨ ਕਲੇਰ, ਕਮਿਸ਼ਨਰ ਨਗਰ ਨਿਗਮ ਗੌਤਮ ਜੈਨ, ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ, ਐਸ.ਡੀ.ਐਮ. ਬਲਬੀਰ ਰਾਜ ਸਿੰਘ, ਐਸ.ਪੀ. ਸਰਬਜੀਤ ਰਾਏ, ਚੇਅਰਮੈਨ ਸ਼੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਸੱਤਪਾਲ ਸੇਠ ਮੱਲ, ਜਨਰਲ ਸਕੱਤਰ ਵਿਨੋਦ ਕੌਲ ਸਮੇਤ ਪ੍ਰਬੰਧਕ ਅਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

# ਸੰਤ ਬਾਬਾ ਪ੍ਰਗਟ ਨਾਥ ਸੇਵਾਦਾਰਾ ਨੂੰ ਕੀਤਾ ਸਨਮਾਨਿਤ



ਅੰਮ੍ਰਿਤਸਰ (ਲੋਕ ਬਾਣੀ)) ਗਿਆਨ ਨਾਥ ਜੀ ਦੀ ਵਾਲਮੀਕ ਤੀਰਥ ਦੀ ਆਜ਼ਾਦੀ ਲੈਣ ਲਈ ਤਪੱਸਿਆ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਇਹ ਵਿਚਾਰ ਗੁਰੂ ਗਿਆਨ ਨਾਥ ਦੇ ਇਤਿਹਾਸਿਕ ਮੇਲਾ 9 10 ਫਰਵਰੀ ਨੂੰ ਮਨਾਉਂਦਿਆਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਪ੍ਰਗਟ ਨਾਥ ਸਾਂਝੇ ਕੀਤੇ ਜਿੱਥੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਮੇਲੇ ਦੌਰਾਨ ਸੇਵਾਦਾਰਾਂ ਵੱਲੋਂ ਵੱਖ-ਵੱਖ ਡਿਊਟੀਆਂ ਨਿਭਾਈਆਂ ਗਈਆਂ ਹਨ ਉਥੇ ਸਮੁੱਤੀ ਸਾਧ ਸੰਗਤ ਦਾ ਧੰਨਵਾਦ ਕਰਦਿਆਂ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ